ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 30 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੭ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਸੁਖਬੀਰ ਸਿੰਘ ਬਾਦਲ ਨੇ ਨਾਭਾ ਜੇਲ੍ਹ 'ਚ ਬਿਕਰਮ ਸਿੰਘ ਮਜੀਠੀਆ ਨਾਲ ਕੀਤੀ ਮੁਲਾਕਾਤ, ਮੁੱਖ ਮੰਤਰੀ ਮਾਨ ਨੂੰ ਦਿੱਤੀ ਨਸੀਹਤ

**ਨਾਭਾ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਨਾਭਾ ਦੀ ਨਵੀਂ ਜੇਲ੍ਹ 'ਚ ਬੰਦ ਬਿਕਰਮ ਸਿੰਘ ਮਜੀਠੀਆ ਨਾਲ ਮੁਲਾਕਾਤ ਕੀਤੀ। ਮੁਲਾਕਾਤ ਮਗਰੋਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਜੇਲ੍ਹ 'ਚ ਬਿਕਰਮ ਸਿੰਘ ਮਜੀਠੀਆ ਚੜ੍ਹਦੀ ਕਲਾ 'ਚ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਦੀ ਧੱਕੇਸ਼ਾਹੀ ਨਾਲ ਕੋਈ ਵੀ ਸ਼੍ਰੋਮਣੀ ਅਕਾਲੀ ਦਲ ਦਾ ਵਰਕਰ ਡਰਨ ਵਾਲਾ ਨਹੀਂ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਸੀਐੱਮ ਭਗਵੰਤ ਮਾਨ ਨੂੰ ਨਸੀਹਤ ਦਿੰਦੇ ਹੋਏ ਕਿਹਾ ਕਿ ਐਸਵਾਈਐਲ ਦੇ ਮੁੱਦੇ 'ਤੇ ਕਿਸੇ ਵੀ ਹੋਰ ਸੂਬੇ ਨਾਲ ਮੀਟਿੰਗ ਨਹੀਂ ਕਰਨੀ ਬਣਦੀ। ਸਵਰਗੀ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਵਾਂਗ ਪੰਜਾਬ ਦੇ ਪਾਣੀਆਂ ਲਈ ਮੁੱਖ ਮੰਤਰੀ ਮਾਨ ਨੂੰ ਸਟੈਂਡ ਲੈਣਾ ਚਾਹੀਦਾ ਹੈ। ਨਾਲ ਹੀ ਸੁਖਬੀਰ ਸਿੰਘ ਬਾਦਲ ਨੇ ਪੰਜਾਬ 'ਚ ਗੈਂਗਵਾਰ 'ਤੇ ਮੁੱਖ ਮੰਤਰੀ ਭਗਵੰਤ ਮਾਨ ਦਿ ਤਿੱਖੀ ਆਲੋਚਨਾ ਕਰਦੇ ਹੋਏ ਕਿਹਾ ਕਿ ਗ੍ਰਹਿ ਵਿਭਾਗ ਮੁੱਖ ਮੰਤਰੀ ਦੇ ਕੋਲ ਹੋਣ ਦੇ ਬਾਵਜੂਦ ਵੀ ਪੰਜਾਬ 'ਚ ਰੋਜ਼ਾਨਾ ਕਤਲ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਇਸ ਤੋਂ ਇਲਾਵਾ ਸੁਖਬੀਰ ਸਿੰਘ ਬਾਦਲ ਨੇ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਸਰਕਾਰ ਦੇ ਕਹਿਣ 'ਤੇ ਝੂਠੇ ਕੇਸ ਬਣਾਉਣ ਵਾਲੇ ਅਫਸਰ ਵੀ ਤਿਆਰ ਰਹਿਣ।

### ਧਮਕੀ 'ਚ ਮੁੱਖ ਮੰਤਰੀ ਮਾਨ ਨੂੰ ਚੇਤਾਵਨੀ

# ਪੰਜਾਬ ਸਕੱਤਰੇਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ!

**ਚੰਡੀਗੜ੍ਹ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ 'ਚ ਅਜੇ ਸਕੂਲਾਂ ਨੂੰ ਧਮਕੀ ਦਾ ਮਾਮਲਾ ਠੰਢਾ ਨਹੀਂ ਹੋਇਆ ਸੀ, ਹੁਣ ਪੰਜਾਬ ਸਕੱਤਰੇਤ ਨੂੰ ਧਮਕੀ ਦੀ ਖ਼ਬਰ ਸਾਹਮਣੇ ਆਈ ਹੈ। ਚੰਡੀਗੜ੍ਹ ਪੁਲਿਸ ਨੇ ਧਮਕੀ ਨੂੰ ਲੈ ਕੇ ਸਕੱਤਰੇਤ ਦੀ ਸੁਰੱਖਿਆ ਵਧਾ ਦਿੱਤੀ ਹੈ ਅਤੇ ਲੋਕਾਂ ਨੂੰ ਬਾਹਰ ਕੱਢਿਆ ਗਿਆ ਹੈ। ਪੁਲਿਸ ਵੱਲੋਂ ਚੌਕਸੀ ਵਧਾਉਂਦੇ ਹੋਏ ਬੰਬ ਨਿਰੋਧਕ ਦਸਤਿਆਂ ਤੇ ਹੋਰ ਟੀਮਾਂ ਸਮੇਤ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ। ਦੱਸ ਦਈਏ ਕਿ ਬੀਤੇ ਦਿਨ ਚੰਡੀਗੜ੍ਹ ਦੇ ਕਈ ਪ੍ਰਾਈਵੇਟ ਤੇ ਸਰਕਾਰੀ ਸਕੂਲਾਂ ਨੂੰ ਵੀ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਸੀ। ਪੰਜਾਬ ਸਕੱਤਰੇਤ ਨੂੰ ਉਡਾਉਣ ਦੀ ਇਹ ਧਮਕੀ ਈਮੇਲ ਰਾਹੀਂ ਭੇਜੀ ਗਈ ਸੀ, ਜਿਸ ਕਾਰਨ ਪ੍ਰਸ਼ਾਸਨ ਅਤੇ ਸੁਰੱਖਿਆ ਏਜੰਸੀਆਂ ਨੂੰ ਤੁਰੰਤ ਅਲਰਟ ਕਰ ਦਿੱਤਾ ਗਿਆ। ਸਾਵਧਾਨੀ ਵੱਜੋਂ ਪੁਲਿਸ ਨੇ ਪੂਰੇ ਸਕੱਤਰੇਤ ਕੰਪਲੈਕਸ ਨੂੰ ਖਾਲੀ ਕਰਵਾ ਲਿਆ ਗਿਆ ਅਤੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ।



**ਈਮੇਲ 'ਚ ਸੀਐੱਮ ਮਾਨ ਨੂੰ ਚੇਤਾਵਨੀ :** ਧਮਕੀ ਭਰੀ ਈਮੇਲ ਵਿੱਚ ਖ਼ਾਲਿਸਤਾਨ ਨੈਸ਼ਨਲ ਆਰਮੀ ਦੇ ਇੰਜੀ. ਗੁਰਾਨਕ ਸਿੰਘ ਰੁਕਨ ਸ਼ਾਹਵਾਲਾ ਵੱਲੋਂ ਭੇਜੀ ਦੱਸੀ ਜਾ ਰਹੀ ਹੈ, ਜਿਸ ਨੇ ਮੇਲ ਵਿੱਚ ਲਿਖਿਆ ਹੈ, "ਅੱਜ ਭੰਡ ਮੰਨ ਦਫ਼ਤਰ ਵਿੱਚ, ਪੰਜਾਬ ਹੁਣ ਖ਼ਾਲਿਸਤਾਨ, ਭੰਡ ਮੰਨ ਦਾ ਹਸ਼ਰ ਬਣਤਾ ਵਾਲਾ, ਆਈ.ਈ.ਡੀ. ਬੈਟਰੀਆਂ ਫਿਊਜ਼ ਤਿਆਰ, ਅੱਜ ਜਾਂ ਕੱਲ੍ਹ ਧਮਾਕਾ ਤੇਰੇ ਦਫ਼ਤਰ ਵਿੱਚ ਪੰਜਾਬ ਸਕੱਤਰਾਲੇ ਵਿੱਚ।" ਧਮਕੀ ਵਿੱਚ ਅੱਗੇ ਸੀਐੱਮ ਮਾਨ ਨੂੰ ਚੇਤਾਵਨੀ ਦਿੱਤੀ ਗਈ, "ਜਿੱਥੇ ਤੂੰ ਹਿੰਦੂ ਭਾਈਆ ਆਤੰਕਵਾਦੀ, ਡੀ.ਜੀ.ਪੀ. ਯਾਦਵ ਨਾਲ ਯੋਜਨਾ ਬਣਾਉਂਦਾ ਹੈਂ, ਪੰਜਾਬ ਦੇ ਨੌਜਵਾਨਾਂ 'ਤੇ ਪੁਲਿਸ ਮੁਕਾਬਲਿਆਂ, ਅਤੇ ਖ਼ਾਲਿਸਤਾਨ ਰੈਫਰੈਂਡਮ ਵਾਲਿਆਂ ਨੂੰ ਰੋਕਣ ਦਾ ਬਦਲਾ, ਭੰਡ ਮਾਨ, - ਕੋਈ ਨਹੀਂ ਰੋਕ ਸਕਦਾ, ਤੇਰਾ ਹਸ਼ਰ ਬੰਤੇ ਵਾਲਾ ਕਰਾਂਗੇ, ਜੁੱਤੀ ਵੀ ਨਹੀਂ ਲੱਭਣੀ।" ਧਮਕੀ ਮਿਲਣ ਤੋਂ ਬਾਅਦ ਚੰਡੀਗੜ੍ਹ ਪੁਲਿਸ, ਪੰਜਾਬ ਪੁਲਿਸ, ਬੰਬ ਡਿਸਪੋਜ਼ਲ ਸਕੁਐਡ (ਬੀਡੀਐਸ), ਸੀਆਈਐਸਐਫ, ਡੌਗ ਸਕੁਐਡ ਅਤੇ ਹੋਰ ਸੁਰੱਖਿਆ ਏਜੰਸੀਆਂ ਮੌਕੇ 'ਤੇ ਪਹੁੰਚੀਆਂ। ਪੂਰੇ ਕੰਪਲੈਕਸ ਨੂੰ ਸੀਲ ਕਰ ਦਿੱਤਾ ਗਿਆ ਅਤੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਗਈ। ਪੁਲਿਸ ਟੀਮਾਂ ਵੱਲੋਂ ਕਿਸੇ ਵੀ ਸ਼ੱਕੀ ਵਸਤੂ ਨੂੰ ਲੈ ਕੇ ਸਕੱਤਰੇਤ ਦੇ ਹਰ ਬਲਾਕ, ਕਮਰੇ ਅਤੇ ਪਾਰਕਿੰਗ ਖੇਤਰ ਦੀ ਜਾਂਚ ਕੀਤੀ ਜਾ ਰਹੀ ਹੈ।

## ਦਿੱਲੀ ਦੇ ਕਈ ਸਕੂਲਾਂ ਨੂੰ ਮੁੜ ਮਿਲੀ ਬੰਬ ਨਾਲ ਉਡਾਉਣ ਦੀ ਧਮਕੀ; ਤਲਾਸ਼ੀ ਮੁਹਿੰਮ ਚਲਾਈ




**ਨਵੀਂ ਦਿੱਲੀ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਰਾਜਧਾਨੀ ਦਿੱਲੀ ਦੇ ਕਈ ਸਕੂਲਾਂ ਨੂੰ ਇੱਕ ਵਾਰ ਫਿਰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਧਮਕੀ ਭਰੀ ਈਮੇਲ ਨੇ ਸਕੂਲ ਪ੍ਰਸ਼ਾਸਨ ਵਿੱਚ ਦਹਿਸ਼ਤ ਪੈਦਾ ਕਰ ਦਿੱਤੀ ਹੈ। ਰਿਪੋਰਟਾਂ ਅਨੁਸਾਰ, ਦਿੱਲੀ ਦੇ ਚਾਰ ਨਿੱਜੀ ਸਕੂਲਾਂ ਨੂੰ ਵੀਰਵਾਰ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ। ਧਮਕੀ ਭਰੀ ਈਮੇਲ ਮਿਲਣ 'ਤੇ, ਸਕੂਲ ਪ੍ਰਸ਼ਾਸਨ ਨੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ। ਧਮਕੀਆਂ ਦੀ ਜਾਣਕਾਰੀ ਮਿਲਣ 'ਤੇ, ਪੁਲਿਸ ਅਤੇ ਜਾਂਚ ਟੀਮਾਂ ਸਕੂਲਾਂ ਵਿੱਚ ਪਹੁੰਚ ਗਈਆਂ ਹਨ। ਇਸ ਸਮੇਂ ਚਾਰਾਂ ਸਕੂਲਾਂ ਵਿੱਚ ਜਾਂਚ ਜਾਰੀ ਹੈ।

**ਇਨ੍ਹਾਂ ਸਕੂਲਾਂ ਨੂੰ ਧਮਕੀਆਂ ਮਿਲੀਆਂ:**

ਦਿੱਲੀ ਕੈਂਟ ਖੇਤਰ ਦੇ ਲੋਰੇਟੋ ਕਾਨਵੈਂਟ ਨੂੰ ਸਵੇਰੇ 8:22 ਵਜੇ ਕਾਲ ਆਈ।

ਸੀਆਰ ਪਾਰਕ ਵਿੱਚ ਡੌਨ ਬੋਸਕੋ ਨੂੰ ਸਵੇਰੇ 9:18 ਵਜੇ ਕਾਲ ਆਈ।

ਕਾਰਮਲ ਸਕੂਲ, ਆਨੰਦ ਨਿਕੇਤਨ ਨੂੰ ਸਵੇਰੇ 9:22 ਵਜੇ ਕਾਲ ਆਈ।

ਕਾਰਮਲ ਸਕੂਲ, ਸੈਕਟਰ 23, ਦਵਾਰਕਾ ਨੂੰ ਸਵੇਰੇ 9:25 ਵਜੇ ਕਾਲ ਆਈ।

ਦਿੱਲੀ ਦੇ ਸਕੂਲਾਂ, ਕਾਲਜਾਂ ਅਤੇ ਸਰਕਾਰੀ ਦਫ਼ਤਰਾਂ ਨੂੰ ਪਹਿਲਾਂ ਵੀ ਇਸੇ ਤਰ੍ਹਾਂ ਦੀਆਂ ਫਰਜ਼ੀ ਈਮੇਲਾਂ ਅਤੇ ਕਾਲਾਂ ਮਿਲ ਚੁੱਕੀਆਂ ਹਨ। ਪਿਛਲੇ ਸਾਲ ਅਜਿਹੀਆਂ ਕਈ ਕਾਲਾਂ ਆਈਆਂ ਸਨ। ਪੁਲਿਸ ਹੁਣ ਬੁੱਧਵਾਰ ਦੀਆਂ ਕਾਲਾਂ ਦੇ ਸਰੋਤ ਦੀ ਜਾਂਚ ਕਰ ਰਹੀ ਹੈ। ਸਾਈਬਰ ਯੂਨਿਟ ਟੀਮਾਂ ਤਕਨੀਕੀ ਜਾਂਚ ਰਾਹੀਂ ਦੋਸ਼ੀਆਂ ਦਾ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਸੁਰੱਖਿਆ ਏਜੰਸੀਆਂ ਨੇ ਲੋਕਾਂ ਨੂੰ ਘਬਰਾਉਣ ਦੀ ਨਹੀਂ, ਸਗੋਂ ਚੌਕਸ ਰਹਿਣ ਦੀ ਅਪੀਲ ਕੀਤੀ ਹੈ।

## ਬਾਬਾ ਹਰਨਾਮ ਸਿੰਘ ਖ਼ਾਲਸਾ ਵਲੋਂ ਜਥੇਦਾਰ ਬਾਬਾ ਕੁਲਵੰਤ ਸਿੰਘ ਦਾ 'ਸੇਵਾ ਰਤਨ' ਨਾਲ ਸਨਮਾਨ

**ਚੌਕ ਮਹਿਤਾ, 28 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਬਾਬਾ ਹਰਨਾਮ ਸਿੰਘ ਖ਼ਾਲਸਾ ਵਲੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਨੂੰ 'ਸੇਵਾ ਰਤਨ' ਨਾਲ ਸਨਮਾਨਿਤ ਕੀਤਾ ਗਿਆ। ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਕਰਵਾਏ ਗਏ ਸੰਖੇਪ ਸਮਾਗਮ ਦੌਰਾਨ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਦੱਸਿਆ ਕਿ ਦਮਦਮੀ ਟਕਸਾਲ ਦੇ ਹੈੱਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ 1984 ਦੇ ਤੀਜੇ ਘੱਲੂਘਾਰੇ ਦੀ 41ਵੀਂ ਵਰ੍ਹੇਗੰਢ ਮੌਕੇ ਸਮੂਹ ਖ਼ਾਲਸਾ ਪੰਥ ਵਲੋਂ ਪੰਥਕ ਇੱਕਠ 'ਚ ਸੰਤ ਬਾਬਾ ਕੁਲਵੰਤ ਸਿੰਘ ਜਥੇਦਾਰ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਨੂੰ 'ਸੇਵਾ ਰਤਨ' ਸਨਮਾਨ ਨਾਲ ਸਨਮਾਨਿਤ ਕਰਨ ਦਾ ਫ਼ੈਸਲਾ ਕੀਤਾ ਗਿਆ ਸੀ ਪਰ ਤਖ਼ਤ ਸਾਹਿਬ ਵਿਖੇ ਆਪਣੀਆਂ ਮਹਾਨ ਸੇਵਾਵਾਂ ਦੀ ਜ਼ਿੰਮੇਵਾਰੀ ਨਿਭਾਉਣ ਕਾਰਨ ਜਥੇਦਾਰ ਬਾਬਾ ਕੁਲਵੰਤ ਸਿੰਘ ਉਕਤ ਸਮਾਗਮ 'ਚ ਸ਼ਾਮਿਲ ਨਹੀਂ ਹੋ ਸਕੇ ਸਨ, ਜਿਸ ਲਈ ਅੱਜ ਇਹ 'ਸੇਵਾ ਰਤਨ' ਸਨਮਾਨ ਉਨ੍ਹਾਂ ਨੂੰ ਦਿੱਤਾ ਗਿਆ ਹੈ। ਦਮਦਮੀ ਟਕਸਾਲ ਦੇ ਮੁੱਖੀ ਨੇ ਕਿਹਾ ਕਿ ਜਥੇਦਾਰ ਬਾਬਾ ਕੁਲਵੰਤ ਸਿੰਘ ਦਾ ਤਖ਼ਤ ਸਾਹਿਬ ਵਿਖੇ ਲਗਾਤਾਰ 25 ਸਾਲ ਦੀ ਸੇਵਾ ਦੇ ਕਾਰਜਕਾਲ ਦਾ ਸਮਾਂ ਬੜਾ ਕਠਨ ਅਤੇ ਘਾਲਣਾ ਭਰਪੂਰ ਰਿਹਾ ਹੈ। ਉਨ੍ਹਾਂ ਦਾ ਇਹ ਤਪੱਸਵੀ ਜੀਵਨ ਸਿੱਖ ਪੰਥ ਵਾਸਤੇ ਇਕ ਪ੍ਰੇਰਨਾ ਸਰੋਤ ਹੈ, ਜਿਸ 'ਚ ਉਨ੍ਹਾਂ ਨੇ ਘੱਟ ਖਾਣਾ, ਘੱਟ ਸੌਣਾ, ਘੱਟ ਬੋਲਣਾ, ਨਿਮਰਤਾ, ਸਾਦਗੀ, ਅੰਤਰ ਆਤਮੇਂ ਬੰਦਗੀ ਅਤੇ ਗੁਰ ਸੇਵਾ ਨੂੰ ਹੀ ਆਪਣਾ ਪਰਮ ਫਰਜ ਸਮਝਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅਜਿਹੀਆਂ ਗੁਰਮੁਖਿ ਆਤਮਾਵਾਂ ਵਿਰਲੀਆਂ ਹੀ ਸਿੱਖ ਪੰਥ ਅੰਦਰ ਦ੍ਰਿਸ਼ਟੀ ਗੋਚਰ ਹਨ, ਜਿਨ੍ਹਾਂ ਪਾਸੋਂ ਲੱਖਾਂ ਪ੍ਰਾਣੀਆਂ ਨੇ ਖੰਡੇ ਬਾਟੇ ਦੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ ਅਤੇ ਗੁਰਸਿੱਖੀ ਦੀ ਮੁੱਖ ਧਾਰਾ 'ਚ ਪ੍ਰਵੇਸ਼ ਕੀਤਾ। ਇਸ ਮੌਕੇ ਅਵਤਾਰ ਸਿੰਘ ਬੁੱਟਰ, ਹਰਸ਼ਦੀਪ ਸਿੰਘ ਰੰਧਾਵਾ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ
AWAZE QAUM
International Newspaper & WEB TV

## ਚੰਡੀਗੜ੍ਹ 'ਚ ਸ਼੍ਰੋਮਣੀ ਕਮੇਟੀ ਦਫ਼ਤਰ ਪਹੁੰਚੀ 'ਸਿਟ', 328 ਪਾਵਨ ਸਰੂਪਾਂ ਦੇ ਮਾਮਲੇ 'ਚ ਰਿਕਾਰਡ ਕੀਤਾ ਹਾਸਲ

**ਚੰਡੀਗੜ੍ਹ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਾਪਤਾ 328 ਪਾਵਨ ਸਰੂਪਾਂ ਨਾਲ ਸਬੰਧਿਤ ਮਾਮਲੇ 'ਚ ਵਿਸ਼ੇਸ਼ ਜਾਂਚ ਟੀਮ (ਐੱਸ.ਆਈ. ਟੀ.) ਅੱਜ ਫਿਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੰਡੀਗੜ੍ਹ ਸੈਕਟਰ-5 ਸਥਿਤ ਦਫ਼ਤਰ 'ਚ ਪਹੁੰਚੀ। ਜਿਥੇ ਲਗਭਗ ਤਿੰਨ ਘੰਟੇ ਮਗਰੋਂ ਰਿਕਾਰਡ ਲੈ ਕੇ ਐੱਸ.ਆਈ. ਟੀ. ਦੀ ਟੀਮ ਬਾਹਰ ਆਈ। ਐੱਸ.ਆਈ.ਟੀ. ਅਧਿਕਾਰੀਆਂ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਾਂਚ ਲਈ ਲੋੜੀਂਦਾ ਰਿਕਾਰਡ ਟੀਮ ਨੂੰ ਸੌਂਪੇ ਗਏ ਹਨ। ਉਨ੍ਹਾਂ ਕਿਹਾ ਕਿ ਹੁਣ ਇਸ ਰਿਕਾਰਡ ਦੀ ਵਿਸਥਾਰ ਨਾਲ ਜਾਂਚ ਕੀਤੀ ਜਾਵੇਗੀ। ਜਾਂਚ ਤੋਂ ਬਾਅਦ ਹੀ ਇਹ ਸਪਸ਼ਟ ਹੋ ਸਕੇਗਾ ਕਿ ਕਿੰਨਾ ਅਤੇ ਕਿਹੜਾ ਰਿਕਾਰਡ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਇਹ ਰਿਕਾਰਡ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਮੌਜੂਦਗੀ ਵਿੱਚ 'ਸਿਟ' ਨੂੰ ਦਿੱਤਾ ਗਿਆ। ਅਧਿਕਾਰੀਆਂ ਮੁਤਾਬਕ ਸ਼੍ਰੋਮਣੀ ਕਮੇਟੀ ਵੱਲੋਂ ਬਾਕੀ ਰਹਿੰਦਾ ਰਿਕਾਰਡ ਵੀ ਜਲਦ ਮੁਹੱਈਆ ਕਰਵਾ ਦਿੱਤਾ ਜਾਵੇਗਾ। ਐੱਸ.ਆਈ.ਟੀ. ਵੱਲੋਂ ਦੋਹਰਾਇਆ ਗਿਆ ਹੈ ਕਿ 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਜਾਂਚ ਗੰਭੀਰਤਾ ਨਾਲ ਕੀਤੀ ਜਾ ਰਹੀ ਹੈ ਅਤੇ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ।




## ਵਿਆਹ ਵਾਲੇ ਘਰ ਹੋਇਆ ਵੱਡਾ ਧਮਾਕਾ, ਕੰਬ ਗਿਆ ਪੂਰਾ ਇਲਾਕਾ

**ਮੋਗਾ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮੋਗਾ ਦੇ ਬੇਦੀ ਨਗਰ ਵਿਚ ਵਿਆਹ ਵਾਲੇ ਘਰ ਵਿਚ ਧਮਾਕਾ ਹੋਣ ਕਾਰਣ ਸਨਸਨੀ ਫੈਲ ਗਈ। ਇਸ ਧਮਾਕੇ ਵਿਚ ਇਕ ਨੌਜਵਾਨ ਬੁਰੀ ਤਰ੍ਹਾਂ ਝੁਲਸ ਗਿਆ, ਜਿਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਧਮਾਕੇ ਤੋਂ ਬਾਅਦ ਦਹਿਸ਼ਤ ਦਾ ਮਾਹੌਲ ਹੈ। ਮਿਲੀ ਜਾਣਕਾਰੀ ਅਨੁਸਾਰ ਇਹ ਬਲਾਸਟ 66 ਕੇਵੀ ਤਾਰਾਂ ਕਾਰਨ ਹੋਇਆ। ਜਾਂਚ ਅਧਿਕਾਰੀ ਨੇ ਦੱਸਿਆ ਕਿ ਮੁਹੱਲੇ ਵਿਚ ਕਿਸੇ ਘਰ ਵਿਆਹ ਦੇ ਚੱਲਦੇ ਅਖੰਡ ਪਾਠ ਸਾਹਿਬ ਰੱਖਿਆ ਹੋਇਆ ਸੀ। ਇਸ ਕਾਰਣ ਟੈਂਟ ਵਾਲੇ ਵੱਲੋਂ ਲੜੀਆਂ ਲਗਾਈਆਂ ਜਾ ਰਹੀਆਂ ਸਨ। ਉਨ੍ਹਾਂ ਦੱਸਿਆ ਕਿ 66ਕੇਵੀ ਤਾਰਾਂ ਨੀਵੀਆਂ ਹੋਣ ਕਾਰਣ ਇਕ ਤਾਰ 66 ਕੇ. ਵੀ. ਤਾਰ ਨਾਲ ਟੱਚ ਹੋ ਗਈ, ਜਿਸ ਕਾਰਣ ਜ਼ੋਰਦਾਰ ਧਮਾਕਾ ਹੋ ਗਿਆ। ਇਸ ਧਮਾਕੇ ਦੌਰਾਨ ਟੈਂਟ ਨੂੰ ਵੀ ਅੱਗ ਲੱਗ ਗਈ ਅਤੇ ਨੌਜਵਾਨ ਵੀ ਅੱਗ ਦੀ ਲਪੇਟ ਵਿਚ ਆ ਗਿਆ। ਜਿਸ ਨੂੰ ਤੁਰੰਤ ਹਸਪਤਾਲ ਦਾਖਲ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ 66ਕੇ. ਵੀ. ਤਾਰਾਂ ਕਾਫੀ ਨੀਵੀਆਂ ਹਨ, ਜਿਸ ਕਾਰਣ ਇਥੇ ਪਹਿਲਾਂ ਵੀ ਹਾਦਸੇ ਹੋ ਚੁੱਕੇ ਹਨ। ਇਸ ਮੌਕੇ ਮੁਹੱਲਾ ਵਾਸੀਆਂ ਨੇ ਦੱਸਿਆ ਕਿ 2023 ਵਿਚ ਵੀ ਇਸੇ ਤਰ੍ਹਾਂ ਦਾ ਧਮਾਕਾ ਹੋਇਆ ਸੀ ਜਿਸ ਵਿਚ ਕਈ ਘਰਾਂ ਦਾ ਬਿਜਲੀ ਦਾ ਸਮਾਨ ਸੜ ਗਿਆ ਸੀ ਅਤੇ ਇਕ ਨੌਜਵਾਨ ਦੀ ਜਾਨ ਵੀ ਚਲੀ ਗਈ ਸੀ ਪਰ ਇਸ ਦੇ ਬਾਵਜੂਦ ਵਿਭਾਗ ਨੇ ਸਬਕ ਨਹੀਂ ਲਿਆ।

## ਸੂਫ਼ੀ ਗਾਇਕ ਤੇ ਭਾਜਪਾ ਆਗੂ ਹੰਸ ਰਾਜ ਹੰਸ ਨੇ ਰਾਜਨੀਤੀ ਤੋਂ ਲਿਆ ਸੰਨਿਆਸ

**ਚੰਡੀਗੜ੍ਹ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੂਫੀ ਗਾਇਕ ਅਤੇ ਬੀਜੇਪੀ ਆਗੂ ਹੰਸ ਰਾਜ ਹੰਸ ਨੇ ਰਾਜਨੀਤੀ ਤੋਂ ਸੰਨਿਆਸ ਲੈ ਲਿਆ ਹੈ। ਦੱਸ ਦਈਏ ਕਿ ਸੂਫ਼ੀ ਗਾਇਕ ਅਤੇ ਦਿੱਲੀ ਦੇ ਸਾਬਕਾ ਸੰਸਦ ਮੈਂਬਰ ਹੰਸਰਾਜ ਪ੍ਰੈਸ ਕਲੱਬ ਪਹੁੰਚੇ। ਚੰਡੀਗੜ੍ਹ ਦੀਆਂ ਨਗਰ ਨਿਗਮ ਚੋਣਾਂ ਵਿੱਚ ਭਾਜਪਾ ਦੇ ਨਵੇਂ ਮੇਅਰ ਸੌਰਭ ਬਾਰੇ, ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਹੁਣ ਇਹ ਨਹੀਂ ਪਤਾ ਕਿ ਚੋਣਾਂ ਕਿੱਥੇ ਹੋ ਰਹੀਆਂ ਹਨ ਜਾਂ ਕੌਣ ਜਿੱਤ ਰਿਹਾ ਹੈ। ਉਨ੍ਹਾਂ ਕਿਹਾ ਕਿ ਉਹ ਹੁਣ ਆਪਣੇ ਸੰਗੀਤ ਅਤੇ ਇਸ ਲਈ ਅਭਿਆਸ 'ਤੇ ਕੇਂਦ੍ਰਿਤ ਹਨ। ਉਨ੍ਹਾਂ ਨੇ ਸ਼੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਜਨਮ ਦਿਵਸ 'ਤੇ ਸਾਰਿਆਂ ਨੂੰ ਵਧਾਈ ਵੀ ਦਿੱਤੀ। ਉਨ੍ਹਾਂ ਕਿਹਾ ਕਿ ਉਹ ਗਰੀਬਾਂ ਦੇ ਗੁਰੂ ਹਨ ਅਤੇ ਜਾਤੀਵਾਦ ਦੀ ਨਿੰਦਾ ਕਰਦੇ ਹਨ। ਗਾਇਕ ਨੇ ਕਿਹਾ ਕਿ ਬੇਗਮਪੁਰਾ ਇੱਕ ਅਜਿਹਾ ਸ਼ਬਦ ਹੈ ਜਿਸਨੂੰ ਜੇਕਰ ਯਾਦ ਰੱਖਿਆ ਜਾਵੇ ਤਾਂ ਇਹ ਰਾਸ਼ਟਰੀ ਗੀਤ ਬਣ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ "ਬੇਗਮ" ਸ਼ਬਦ ਆਪਣੇ ਆਪ ਵਿੱਚ ਇੱਕ ਪਛਾਣ ਹੈ। ਇਸ ਦੌਰਾਨ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਫੇਰੀ ਤੋਂ ਪਹਿਲਾਂ, ਉਨ੍ਹਾਂ ਨੇ ਇੱਕ ਗਰਮਖਿਆਲੀ ਸੰਗਠਨ ਦੀਆਂ ਧਮਕੀਆਂ ਬਾਰੇ ਆਪਣੀ ਚਿੰਤਾ ਪ੍ਰਗਟ ਕੀਤੀ। ਧਮਕੀਆਂ ਬਾਰੇ, ਗਾਇਕ ਨੇ ਉਮੀਦ ਪ੍ਰਗਟ ਕੀਤੀ ਕਿ ਪੰਜਾਬ ਆਉਣ ਵਾਲੇ ਕਿਸੇ ਵੀ ਵਿਅਕਤੀ 'ਤੇ ਰਹਿਮ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਅਜਿਹੀਆਂ ਧਮਕੀਆਂ ਤੋਂ ਬਚਾਇਆ ਜਾਵੇ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਜੋ ਵੀ ਪੰਜਾਬ ਦਾ ਦੌਰਾ ਕਰਦਾ ਹੈ, ਉਹ ਬਿਨਾਂ ਕਿਸੇ ਡਰ ਦੇ ਅਜਿਹਾ ਕਰੇ। ਉਨ੍ਹਾਂ ਨੇ ਸਾਰਿਆਂ ਲਈ ਪ੍ਰਾਰਥਨਾ ਕੀਤੀ ਕਿ ਪੰਜਾਬ ਵਿੱਚ ਕਦੇ ਵੀ ਅਜਿਹੀਆਂ ਦੁਖਦਾਈ ਖ਼ਬਰਾਂ ਨਾ ਸੁਣਨ। ਇਸ ਤੋਂ ਇਲਾਵਾ ਉਨ੍ਹਾਂ ਨੇ ਅੱਜ ਚੰਡੀਗੜ੍ਹ ਵਿੱਚ ਪੰਜਾਬ ਸਕੱਤਰੇਤ ਅਤੇ ਮਿੰਨੀ ਸਕੱਤਰੇਤ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਬਾਰੇ, ਉਨ੍ਹਾਂ ਕਿਹਾ ਕਿ ਇਹ ਇੱਕ ਗੰਭੀਰ ਮੁੱਦਾ ਹੈ ਅਤੇ ਸਾਰਿਆਂ ਦੇ ਧਿਆਨ ਦੀ ਮੰਗ ਕਰਦਾ ਹੈ। ਪ੍ਰਧਾਨ ਮੰਤਰੀ ਮੋਦੀ ਨਾਲ ਆਪਣੀ ਮੁਲਾਕਾਤ ਬਾਰੇ, ਉਨ੍ਹਾਂ ਕਿਹਾ ਕਿ ਬਾਦਸ਼ਾਹ ਨੂੰ ਬਾਦਸ਼ਾਹ ਦੀ ਮਰਜ਼ੀ ਨਾਲ ਮਿਲਿਆ ਜਾ ਸਕਦਾ ਹੈ। ਇਸ ਲਈ, ਉਹ ਹੁਣ ਆਪਣੇ ਸੰਗੀਤ ਅਭਿਆਸ 'ਤੇ ਧਿਆਨ ਕੇਂਦਰਿਤ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।



ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

**ਧੰਨ ਧੰਨ ਨੌਵੇਂ ਪਾਤਸ਼ਾਹ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ**

## 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

### ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : **ਗਰਾਂਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।**

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ਼੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਸ਼ੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

**ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾਂ ਪਾਉਣਗੇ ।**

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ,
ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)
ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net


ਨਾਮ ਜਪੋ ਕਿਰਤ ਕਰੋ ਵੰਡ ਛੱਕੋ

Naam Japo Kirat Karo Vand Shako

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV





ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ

## ਇਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ

ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

+91 98767-50784 +91 98767-50784

ਮਹਿਤਾ ਚੌਂਕ, ਅੰਮ੍ਰਿਤਸਰ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**

B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**

**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'


350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ,
ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ
ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਵੱਲੋਂ
21 ਸਭਾਗੇ ਜੋੜਿਆਂ ਦੇ ਅਨੰਦ ਕਾਰਜ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 22 ਫਰਵਰੀ 2026
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
ਸਥਾਨ -
ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ
ਦਾਦੂ ਸਾਹਿਬ
ਨੇੜੇ ਕਾਲਾਂਵਾਲੀ ਮੰਡੀ,
ਜ਼ਿਲ੍ਹਾ ਸਿਰਸਾ (ਹਰਿਆਣਾ)
ਲੋੜਵੰਦ ਪ੍ਰੀਵਾਰ ਆਪਣੀਆਂ ਬੱਚੀਆਂ ਦੇ ਨਾਮ 15 ਜਨਵਰੀ ਤੋਂ
ਪਹਿਲਾਂ ਪਹਿਲਾਂ ਦਰਜ ਕਰਵਾਉਣ ਦੀ ਕਿਰਪਾਲਤਾ ਕਰੋ ਜੀ
LIVE ON
Akaal
CHARDIKLA TIME TV
ਆਵਾਜ਼ਿ ਕੌਮ AWAZE QAUM TV
YouTube
ਬੇਨਤੀ ਕਰਤਾ - ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਪਰਕ ਨੰ: 93560-60960, 97791-72813
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)


!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ : ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ : ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ
ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ
ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139


ਰੋਜ਼ਾਨਾ ਸਵਾ ਲੱਖ
ਮੂਲ ਮੰਤਰ ਜਾਪ
ਨਾਮ ਰਸੀਏ ਅਸੀਸਾਂ ਬਖ਼ਸ਼ਣ
ਨਾਮ ਅਭਿਆਸੀ ਹਾਜ਼ਰੀਆਂ ਭਰਨ
ਰੋਜ਼ਾਨਾ 125 ਪਾਠ
ਸੁਖਮਨੀ ਸਾਹਿਬ
ਗੁਰ ਭਗਤੀ ਸ਼ਬਦ ਜਾਪ
ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ
ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ
1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ
36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ
36 ਦਿਨ, 36 ਬਾਣੀਆਂ, 36 ਵਿਦਵਾਨ
31 ਜਨਵਰੀ 2026
ਵਿਸ਼ਾ: ਸਵਯੇ ਸ੍ਰੀ ਮੁਖਬਾਕ੍ਯ
ਮਹਲਾ ੫
ਰਾਗੀ ਸੰਤੋਖ ਸਿੰਘ
ਜਥੇਦਾਰ ਬਾਬਾ ਬਲਜੀਤ ਸਿੰਘ
ਦਾਦੂਵਾਲ
ਆਵਾਜ਼ਿ ਕੌਮ
AWAZE QAUM
International Newspaper & WEB TV
ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113

### ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ

# ਐਮ.ਐਮ.ਐਸ.ਵਾਈ ਸਕੀਮ ਅਧੀਨ ਦਾਖ਼ਲਾ ਪ੍ਰਕਿਰਿਆ ਸ਼ੁਰੂ







ਤਲਵੰਡੀ ਸਾਬੋ, 29 ਜਨਵਰੀ (ਗੁਰਜੰਟ ਸਿੰਘ ਨਥੇਹਾ)- ਮੁੱਖ ਮੰਤਰੀ ਸਰਬੱਤ ਸਿਹਤ ਯੋਜਨਾ (ਐਮ.ਐਮ.ਐਸ.ਵਾਈ.) ਅਧੀਨ ਦਾਖ਼ਲਾ ਪ੍ਰਕਿਰਿਆ ਸਬ ਡਵਿਜ਼ਨਲ ਹਸਪਤਾਲ ਤਲਵੰਡੀ ਸਾਬੋ ਵਿਖੇ ਸ਼ੁਰੂ ਹੋ ਗਈ ਹੈ। ਇਸ ਸਕੀਮ ਦਾ ਉਦੇਸ਼ ਯੋਗ ਲਾਭਪਾਤਰੀਆਂ ਨੂੰ ਮਿਆਰੀ ਅਤੇ ਨਕਦ-ਰਹਿਤ ਸਿਹਤ ਸੇਵਾਵਾਂ ਪ੍ਰਦਾਨ ਕਰਨਾ ਹੈ। ਹਸਪਤਾਲ ਪਰਿਸਰ ਵਿੱਚ ਦਾਖ਼ਲੇ ਦੀ ਪ੍ਰਕਿਰਿਆ ਸੁਚੱਜੇ ਅਤੇ ਸੁਵਿਧਾਜਨਕ ਢੰਗ ਨਾਲ ਚਲਾਈ ਜਾ ਰਹੀ ਹੈ, ਜਿੱਥੇ ਲੋਕਾਂ ਨੂੰ ਰਜਿਸਟ੍ਰੇਸ਼ਨ ਅਤੇ ਦਸਤਾਵੇਜ਼ਾਂ ਦੀ ਜਾਂਚ ਸਬੰਧੀ ਪੂਰੀ ਮਦਦ ਦਿੱਤੀ ਜਾ ਰਹੀ ਹੈ। ਇਸ ਸਕੀਮ ਅਧੀਨ ਲਾਭਪਾਤਰੀਆਂ ਨੂੰ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਨਕਦ-ਰਹਿਤ ਇਲਾਜ ਦੀ ਸਹੂਲਤ ਪ੍ਰਾਪਤ ਹੋਵੇਗੀ। ਇਸ ਮੌਕੇ ਡਾ. ਰਵੀ ਕਾਂਤ ਗੁਪਤਾ, ਸੀਨੀਅਰ ਮੈਡੀਕਲ ਅਫ਼ਸਰ, ਐਸ.ਡੀ.ਐਚ. ਤਲਵੰਡੀ ਸਾਬੋ ਨੇ ਕਿਹਾ ਕਿ ਐਮ.ਐਮ.ਐਸ.ਵਾਈ. ਸਕੀਮ ਸਰਕਾਰ ਦੀ ਇੱਕ ਮਹੱਤਵਪੂਰਨ ਪਹੁਲ ਹੈ, ਜਿਸ ਦਾ ਲਾਭ ਹਰ ਯੋਗ ਨਾਗਰਿਕ ਨੂੰ ਮਿਲ ਸਕਦਾ ਹੈ। ਹਸਪਤਾਲ ਵੱਲੋਂ ਦਾਖ਼ਲੇ ਲਈ ਪੂਰੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਅਸੀਂ ਸਾਰਿਆਂ ਨੂੰ ਅਪੀਲ ਕਰਦੇ ਹਾਂ ਕਿ ਉਹ ਲੋੜੀਂਦੇ ਦਸਤਾਵੇਜ਼ਾਂ ਸਮੇਤ ਆ ਕੇ ਆਪਣਾ ਦਾਖ਼ਲਾ ਜਲਦ ਤੋਂ ਜਲਦ ਕਰਵਾਉਣ। ਇਹ ਪਹਿਲ ਸਰਕਾਰ ਦੀ ਉਸ ਵਚਨਬੱਧਤਾ ਨੂੰ ਦਰਸਾਉਂਦੀ ਹੈ, ਜਿਸ ਤਹਿਤ ਸਮਾਜ ਦੇ ਹਰ ਵਰਗ ਤੱਕ ਸੁਲਭ ਅਤੇ ਸਸਤੀ ਸਿਹਤ ਸੇਵਾਵਾਂ ਪਹੁੰਚਾਉਣ ਦਾ ਟੀਚਾ ਰੱਖਿਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਭਿਆਨਕ ਹਵਾਈ ਹਾਦਸਾ

# ਕਈ ਵਿਧਾਇਕਾਂ ਸਣੇ 15 ਲੋਕਾਂ ਦੀ ਮੌਤ

ਉੱਤਰੀ ਕੋਲੰਬੀਆ ਵਿੱਚ ਇੱਕ ਛੋਟੇ ਯਾਤਰੀ ਜਹਾਜ਼ ਨਾਲ ਵਾਪਰੇ ਭਿਆਨਕ ਹਾਦਸੇ ਵਿੱਚ ਸਵਾਰ ਸਾਰੇ 15 ਲੋਕਾਂ ਦੀ ਮੌਤ ਹੋ ਗਈ। ਮਰਨ ਵਾਲਿਆਂ ਵਿੱਚ ਇੱਕ ਮੌਜੂਦਾ ਵਿਧਾਇਕ ਅਤੇ ਇੱਕ ਚੋਣ ਉਮੀਦਵਾਰ ਵੀ ਸ਼ਾਮਲ ਹਨ, ਜਿਸ ਕਾਰਨ ਇਲਾਕੇ ਵਿੱਚ ਗਹਿਰਾ ਸੋਗ ਛਾਇਆ ਹੋਇਆ ਹੈ। ਅਧਿਕਾਰੀਆਂ ਮੁਤਾਬਕ ਜਹਾਜ਼ ਘਰੇਲੂ ਉਡਾਣ 'ਤੇ ਸੀ ਅਤੇ ਪਹਾੜੀ ਇਲਾਕੇ ਵੱਲ ਜਾ ਰਿਹਾ ਸੀ ਜਦੋਂ ਉਡਾਣ ਦੇ ਕੁਝ ਹੀ ਸਮੇਂ ਬਾਅਦ ਹਵਾਈ ਟ੍ਰੈਫਿਕ ਕੰਟਰੋਲ ਨਾਲ ਸੰਪਰਕ ਟੁੱਟ ਗਿਆ। ਬਾਅਦ ਵਿੱਚ ਰਾਹਤ ਟੀਮਾਂ ਨੇ ਦੁਰਗਮ ਪਹਾੜੀ ਖੇਤਰ ਵਿੱਚ ਮਲਬਾ ਲੱਭਿਆ, ਜਿੱਥੇ ਕੋਈ ਵੀ ਜੀਵਿਤ ਨਹੀਂ ਮਿਲਿਆ। ਹਾਦਸੇ ਵਿੱਚ ਮਰਨ ਵਾਲਿਆਂ ਵਿੱਚ ਰਾਸ਼ਟਰੀ ਪੱਧਰ 'ਤੇ ਜਾਣੇ ਜਾਂਦੇ ਇੱਕ ਲੋਕ ਪ੍ਰਤਿਨਿਧੀ ਵੀ ਸਨ, ਜੋ ਆਪਣੇ ਖੇਤਰ ਵਿੱਚ ਸਰਗਰਮ ਜਨ ਸੇਵਕ ਵਜੋਂ ਮੰਨੇ ਜਾਂਦੇ ਸਨ। ਨਾਲ ਹੀ ਇੱਕ ਸਥਾਨਕ ਚੋਣ ਉਮੀਦਵਾਰ ਅਤੇ ਜਹਾਜ਼ ਦੇ ਦੋ ਪਾਇਲਟਾਂ ਸਮੇਤ ਹੋਰ ਯਾਤਰੀ ਵੀ ਇਸ ਦੁਰਘਟਨਾ ਦਾ ਸ਼ਿਕਾਰ ਹੋਏ। ਹਾਦਸੇ ਦਾ ਸਹੀ ਕਾਰਨ ਅਜੇ ਤੱਕ ਸਾਹਮਣੇ ਨਹੀਂ ਆਇਆ। ਹਵਾਈ ਸੁਰੱਖਿਆ ਅਧਿਕਾਰੀਆਂ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਜਹਾਜ਼ ਦੇ ਤਕਨੀਕੀ ਰਿਕਾਰਡ, ਮੌਸਮੀ ਹਾਲਾਤ ਅਤੇ ਸੰਚਾਰ ਡਾਟਾ ਦੀ ਜਾਂਚ ਕੀਤੀ ਜਾ ਰਹੀ ਹੈ। ਪ੍ਰਾਰੰਭਿਕ ਜਾਣਕਾਰੀ ਮੁਤਾਬਕ ਐਮਰਜੈਂਸੀ ਸਿਗਨਲ ਵੀ ਪ੍ਰਾਪਤ ਨਹੀਂ ਹੋਇਆ ਸੀ, ਜਿਸ ਕਾਰਨ ਖੋਜ ਮੁਹਿੰਮ ਨੂੰ ਸਮਾਂ ਲੱਗਿਆ। ਇਹ ਹਾਦਸਾ ਉਸ ਇਲਾਕੇ ਵਿੱਚ ਵਾਪਰਿਆ ਹੈ ਜਿੱਥੇ ਸੜਕ ਸਹੂਲਤਾਂ ਸੀਮਿਤ ਹਨ ਅਤੇ ਹਵਾਈ ਯਾਤਰਾ ਆਵਾਜਾਈ ਦਾ ਮਹੱਤਵਪੂਰਨ ਸਾਧਨ ਮੰਨੀ ਜਾਂਦੀ ਹੈ। ਸਰਕਾਰੀ ਅਧਿਕਾਰੀਆਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ ਹੈ ਅਤੇ ਪੂਰੀ ਜਾਂਚ ਦਾ ਭਰੋਸਾ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਅਕਾਲੀ ਦਲ ਵਾਰਸ ਪੰਜਾਬ ਵਲੋਂ

# ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਜ਼ਰੂਰੀ ਏਕਤਾ ਮੀਟਿੰਗ ਆਯੋਜਿਤ

**ਫ਼ਤਹਿਗੜ੍ਹ ਸਾਹਿਬ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਸ ਪੰਜਾਬ ਵਲੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਇਕ ਜ਼ਰੂਰੀ ਏਕਤਾ ਮੀਟਿੰਗ ਸ਼੍ਰੀ ਫ਼ਤਹਿਗੜ੍ਹ ਸਾਹਿਬ ਮੀਟਿੰਗ ਹਾਲ ਵਿੱਚ ਸ਼ਾਨਦਾਰ ਤਰੀਕੇ ਨਾਲ ਆਯੋਜਿਤ ਕੀਤੀ ਗਈ। ਇਹ ਮੀਟਿੰਗ ਸਿਆਸੀ ਏਕਤਾ, ਏਕਜੁੱਟਤਾ ਅਤੇ ਭਵਿੱਖ ਦੀ ਰਣਨੀਤੀ ਨੂੰ ਮਜ਼ਬੂਤ ਬਣਾਉਣ ਲਈ ਬੁਲਾਈ ਗਈ ਸੀ। ਮੀਟਿੰਗ ਦੀ ਪ੍ਰਧਾਨਤਾ ਬਾਪੂ ਤਰਸੇਮ ਸਿੰਘ ਨੇ ਕੀਤੀ ਅਤੇ ਜ਼ਿਲ੍ਹਾ ਪ੍ਰਧਾਨ ਸ. ਸੰਦੀਪ ਸਿੰਘ ਰੁਪਾਲੋਂ ਅਜਰਵਾਰ ਨੇ ਇਸਦੀ ਅਗਵਾਈ ਕੀਤੀ। ਮੀਟਿੰਗ ਵਿਚ ਵੱਖ-ਵੱਖ ਪਾਰਟੀਆਂ ਤੋਂ ਕਈ ਅਹੁਦੇਦਾਰ ਆਗੂਆਂ ਨੇ ਭਾਗ ਲਿਆ ਅਤੇ ਸਾਂਝੇ ਮੁੱਦਿਆਂ 'ਤੇ ਚਰਚਾ ਕੀਤੀ। ਸਭ ਤੋਂ ਵੱਡੀ ਗੱਲ ਇਹ ਰਹੀ ਕਿ ਕਈ ਸਿਆਸੀ ਆਗੂਆਂ ਨੇ ਆਮ ਆਦਮੀ ਪਾਰਟੀ (ਆਪ) ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਸ ਪੰਜਾਬ ਨਾਲ ਆਪਣੀ ਸਹਿਯੋਗ ਦਿਖਾਇਆ।



**ਮੁੱਖ ਸ਼ਾਮਿਲ ਆਗੂ :**

ਸ. ਵਰਿੰਦਰ ਸਿੰਘ ਢਿੱਲੋਂ (Adv.), ਗਗਨਦੀਪ ਸਿੰਘ, ਹਰਵਿੰਦਰ ਸਿੰਘ, ਲਖਵੀਰ ਸਿੰਘ, ਮਨਜੀਤ ਸਿੰਘ (ਫਿਰੋਜ਼ਪੁਰ), ਗੁਰਦੀਪ ਸਿੰਘ

**ਹੋਰ ਸਹਿਭਾਗੀਆਂ ਵਿੱਚ :** ਲਖਵੀਰ ਸਿੰਘ ਕੋਟਲਾ, ਨਵਦੀਪ ਸਿੰਘ ਤਾਣ, ਸੁਖਦਰਸ਼ਾਨ ਸਿੰਘ, ਅਮਨਦੀਪ ਸਿੰਘ, ਕੁਲਦੀਪ ਸਿੰਘ, ਗਗਨਦੀਪ ਸਿੰਘ ਗੁਰਾਇਆ, ਅਮਰਾਓ ਸਿੰਘ ਸਰਾਓ, ਗੁਰਿੰਦਰ ਸਿੰਘ ਚੀਮਾ, ਅਰਪਿੰਦਰ ਸਿੰਘ, ਪਰਮਿੰਦਰ ਸਿੰਘ ਧਾਲੀਵਾਲ, ਸਰਪ੍ਰੀਤ ਸਿੰਘ ਸੈਣੀ, ਗੁਰਪ੍ਰੀਤ ਸਿੰਘ ਸੈਣੀ, ਜਤਿੰਦਰ ਸਿੰਘ ਸ਼ੇਰਗਿੱਲ, ਜਗਪਾਲ ਸਿੰਘ ਚਾਹਲ, ਬ੍ਰਿਜ ਮੋਹਨ ਸਿੰਘ, ਬਲਜੀਤ ਸਿੰਘ ਕਾਹਲੋ। ਮੀਟਿੰਗ ਦੌਰਾਨ ਸਾਰੇ ਆਗੂਆਂ ਨੇ ਭਵਿੱਖ ਦੀ ਸਿਆਸੀ ਯੋਜਨਾ, ਜ਼ਮੀਨੀ ਅਸਰਦਾਰੀ, ਅਤੇ ਇੱਕਤਾ ਦੀ ਅਹਿਮੀਅਤ 'ਤੇ ਆਪਣੀਆਂ ਸੋਚਾਂ ਸਾਂਝੀਆਂ ਕੀਤੀਆਂ। ਉਸ ਤੋਂ ਸਿਆਸੀ ਪਾਰਟੀਆਂ ਦੇ ਵਿਚਕਾਰ ਸਮਰਥਨ ਤੇ ਸਾਂਝੇ ਕਾਰਜਾਂ ਲਈ ਰਣਨੀਤਿਕ ਤਹਿਤ ਗੱਲਬਾਤ ਵੀ ਹੋਈ। ਅੰਤਿਮ ਤੌਰ 'ਤੇ ਮੀਟਿੰਗ ਨੂੰ ਇੱਕ ਸਫਲ ਕਦਮ ਵਜੋਂ ਦੇਖਿਆ ਗਿਆ ਅਤੇ ਸਾਰੇ ਆਗੂ ਇੱਕ-ਦੂਜੇ ਨਾਲ ਭਵਿੱਖ ਲਈ ਇਕ ਮਜ਼ਬੂਤ ਸੰਜੋੜ ਤੇ ਵਰਕਿੰਗ ਰਣਨੀਤੀ ਬਣਾਉਣ ਦੇ ਲਿੱਏ ਰਾਜ਼ੀ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਉਮਰ ਕੈਦ ਦੀ ਸਜ਼ਾ ਵਿਚ ਨਾਮਜਦ ਸੱਜਣ ਕੁਮਾਰ ਨੂੰ ਬਰੀ ਕਰਨਾ ਨਿਆਂਪਾਲਿਕਾ ਉਪਰ ਖੜ੍ਹੇ ਕਰਦਾ ਹੈ ਕਈ ਗੰਭੀਰ ਸਵਾਲ: ਸ਼੍ਰੋਮਣੀ ਰਾਗੀ ਸਭਾ



**ਨਵੀਂ ਦਿੱਲੀ 29 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਰਾਗੀ ਸਭਾ ਸ੍ਰੀ ਅੰਮ੍ਰਿਤਸਰ ਵਲੋਂ ਬੀਤੇ ਦਿਨੀਂ ਦਿੱਲੀ ਦੀ ਇਕ ਅਦਾਲਤ ਵਲੋਂ ਸਿੱਖ ਕਤਲੇਆਮ ਦੇ ਮੁੱਖ ਦੋਸ਼ੀਆਂ ਵਿੱਚੋਂ ਇਕ ਸੱਜਣ ਕੁਮਾਰ ਨੂੰ ਬਰੀ ਕਰਣ ਦੇ ਦਿੱਤੇ ਗਏ ਫੈਸਲੇ ਉਪਰ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਗਹਿਰੀ ਹੈਰਾਨੀ ਅਤੇ ਰੋਸ ਪ੍ਰਗਟ ਕੀਤਾ ਹੈ। ਉਨ੍ਹਾਂ ਦਸਿਆ ਦਿੱਲੀ ਸਮੇਤ ਦੇਸ਼ ਭਰ ਵਿੱਚ ਨਵੰਬਰ 1984 ਦਾ ਪਹਿਲਾ ਹਫ਼ਤਾ ਖ਼ੌਫ਼ਨਾਕ ਦੌਰ ਸੀ, ਜਿੱਥੇ ਸਿੱਖ ਹੋਣ ਦਾ ਮਤਲਬ ਮੌਤ ਬਣ ਗਿਆ ਸੀ। ਦੇਸ਼ ਦੀ ਆਜ਼ਾਦੀ ਅਤੇ ਪੁਨਰਨਿਰਮਾਣ ਲਈ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੇ ਸਿੱਖ ਪੰਥ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਉਸੇ ਦੇਸ਼ ਵਿੱਚ ਉਸ ਨੂੰ ਆਪਣੀ ਪਹਿਚਾਣ ਕਰਕੇ ਬੇਆਬਰੂ ਹੋਣਾ ਪਵੇਗਾ ਅਤੇ ਇਕ ਗਿਣੀ ਮਿੱਥੀ ਸਾਜ਼ਿਸ਼ ਅਧੀਨ ਸਿਰਫ਼ ਪੱਗ ਅਤੇ ਦਾੜ੍ਹੀ ਕਾਰਨ ਬੇਕਸੂਰ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਗਿਆ। ਦੋ ਮਾਮਲੇਆਂ ਵਿੱਚ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸਜ਼ਾ ਹੋਣਾ ਇਹ ਸਪਸ਼ਟ ਕਰਦਾ ਹੈ ਕਿ ਦਿੱਲੀ ਸਿੱਖ ਕਤਲੇਆਮ ਦੇ ਮਾਮਲਿਆਂ ਵਿੱਚ ਉਹ ਮਾਸਟਰਮਾਈਂਡ ਸੀ। ਅਜਿਹੀ ਸਥਿਤੀ ਵਿੱਚ ਹੁਣ ਓਸ ਨੂੰ ਇਕ ਮਾਮਲੇ ਵਿਚ ਠੋਸ ਸਬੂਤਾਂ ਦੀ ਘਾਟ ਦਾ ਹਵਾਲਾ ਦੇ ਕੇ ਉਸ ਨੂੰ ਬਰੀ ਕਰਨਾ ਨਿਆਂਪਾਲਿਕਾ ਉਪਰ ਕਈ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਕਿਹਾ 41 ਸਾਲਾਂ ਤੋਂ ਇਨਸਾਫ਼ ਦੀ ਉਮੀਦ ਲਾਈ ਬੈਠੇ ਪੀੜਤ ਪਰਿਵਾਰਾਂ ਦੇ ਜ਼ਖ਼ਮ ਇਸ ਫ਼ੈਸਲੇ ਨਾਲ ਇਕ ਵਾਰ ਫਿਰ ਹਰੇ ਹੋ ਗਏ ਹਨ ਕਿਉਂਕਿ ਇਹ ਸਿਰਫ਼ ਕਾਨੂੰਨੀ ਫ਼ੈਸਲਾ ਨਹੀਂ, ਸਗੋਂ ਨੈਤਿਕ ਜ਼ਿੰਮੇਵਾਰੀ ਦਾ ਵੀ ਸਵਾਲ ਹੈ। ਇੰਨ੍ਹਾ ਮਾਮਲਿਆਂ ਅੰਦਰ ਸਾਨੂੰ ਜਵਾਬਦੇਹੀ ਦੀ ਮੰਗ ਕਰਨੀ ਚਾਹੀਦੀ ਹੈ ਅਤੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸਿਰਫ ਪ੍ਰਕਿਰਿਆ ਨਹੀਂ, ਸਗੋਂ ਕਤਲੇਆਮ ਪੀੜੀਤਾਂ ਨੂੰ ਸੱਚਾ ਅਤੇ ਸਾਰਥਕ ਇਨਸਾਫ਼ ਮਿਲੇ। ਲੋਕਤੰਤਰ ਦੀ ਮਜ਼ਬੂਤੀ ਇਸੇ ਵਿੱਚ ਹੈ ਕਿ ਕੋਈ ਵੀ ਵਿਅਕਤੀ, ਚਾਹੇ ਉਹ ਕਿੰਨਾ ਵੀ ਪ੍ਰਭਾਵਸ਼ਾਲੀ ਕਿਉਂ ਨਾ ਹੋਵੇ, ਕਾਨੂੰਨ ਤੋਂ ਉੱਪਰ ਨਾ ਹੋਵੇ, ਇਸ ਲਈ ਸੱਜਣ ਕੁਮਾਰ ਵਲੋਂ ਸਿੱਖ ਨਸਲਕੁਸ਼ੀ ਵਿੱਚ ਨਿਭਾਈ ਗਈ ਉਸ ਦੀ ਦਰਿੰਦਗੀ ਭਰੀ ਅਤੇ ਘਿਨੌਣੀ ਭੂਮਿਕਾ ਲਈ ਉਹ ਫਾਂਸੀ ਦੀ ਸਜ਼ਾ ਦਾ ਹੱਕਦਾਰ ਹੈ। ਕਾਂਗਰਸ ਪਾਰਟੀ ਨੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਿਆਸੀ ਸਰਪ੍ਰਸਤੀ ਦੇ ਕੇ ਨਾ ਕੇਵਲ ਕਾਨੂੰਨ ਤੋਂ ਬਚਾਇਆ, ਸਗੋਂ ਨਿਰਦੋਸ਼ ਸਿੱਖਾਂ ਦੇ ਕਾਤਲਾਂ ਨੂੰ ਸਰਕਾਰ ਅਤੇ ਪਾਰਟੀ ਵਿੱਚ ਅਹਿਮ ਅਹੁਦਿਆਂ ਨਾਲ ਨਿਵਾਜ ਕੇ ਸਿੱਖਾਂ ਦੀ ਖਿੱਲੀ ਵੀ ਉਡਾਉਂਦੀ ਰਹੀ ਸੀ। ਇਸ ਮੌਕੇ ਸ਼੍ਰੋਮਣੀ ਰਾਗੀ ਸਭਾ ਦੇ ਪ੍ਰਧਾਨ ਭਾਈ ਓਂਕਾਰ ਸਿੰਘ ਜੀ, ਭਾਈ ਸਤਨਾਮ ਸਿੰਘ ਜੀ ਕੋਹਾੜਕਾ ਸਮੇਤ ਵਡੀ ਗਿਣਤੀ ਵਿਚ ਰਾਗੀ ਸਿੰਘ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗਿਆਨੀ ਹਰਪ੍ਰੀਤ ਸਿੰਘ ਦੇ ਵੱਡੇ ਖ਼ੁਲਾਸੇ ਤੋਂ ਬਾਅਦ ਸਿਆਸੀ ਹਲਚਲ ਤੇਜ਼

## ਪੁਰਾਣੇ ਦੌਰ ਦੀਆਂ ਹਿੰਸਕ ਘਟਨਾਵਾਂ 'ਤੇ FIR ਅਤੇ TRC ਬਣਾਉਣ ਦੀ ਮੰਗ

**ਚੰਡੀਗੜ੍ਹ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸਰਦੀ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਕੀਤੇ ਗਏ ਤਾਜ਼ਾ ਬਿਆਨ ਨੇ ਪੰਜਾਬ ਦੀ ਰਾਜਨੀਤੀ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਉਨ੍ਹਾਂ ਦੇ ਬਿਆਨ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਪਿਛਲੇ ਸਮੇਂ ਦੌਰਾਨ ਉੱਚ ਪੱਧਰੀ ਹਲਕਿਆਂ ਵਿੱਚ ਅਜਿਹੀਆਂ ਸਲਾਹਾਂ ਦਿੱਤੀਆਂ ਗਈਆਂ ਸਨ, ਜਿਨ੍ਹਾਂ ਦਾ ਸੰਬੰਧ ਪੰਜਾਬ ਵਿੱਚ ਵਾਪਰੀਆਂ ਹਿੰਸਕ ਘਟਨਾਵਾਂ ਨਾਲ ਜੋੜਿਆ ਜਾਂਦਾ ਹੈ।



ਇਸ ਗੰਭੀਰ ਦਾਅਵੇ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ (ਪੁਨਰ ਸਰਦੀ) ਨੇ ਸਰਕਾਰ ਤੋਂ ਤੁਰੰਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਪਾਰਟੀ ਦਾ ਕਹਿਣਾ ਹੈ ਕਿ ਸਿਰਫ਼ ਰਾਜਨੀਤਿਕ ਬਿਆਨਬਾਜ਼ੀ ਨਾਲ ਮਾਮਲੇ ਨੂੰ ਦਬਾਇਆ ਨਹੀਂ ਜਾ ਸਕਦਾ ਅਤੇ ਇਸ ਬਿਆਨ ਦੇ ਆਧਾਰ 'ਤੇ ਯੋਗ ਧਾਰਾਵਾਂ ਹੇਠ FIR ਦਰਜ ਕਰਕੇ ਨਿਰਪੱਖ ਅਤੇ ਸੁਤੰਤਰ ਜਾਂਚ ਸ਼ੁਰੂ ਕੀਤੀ ਜਾਣੀ ਚਾਹੀਦੀ ਹੈ।



ਪਾਰਟੀ ਨੇ ਇਹ ਵੀ ਜ਼ੋਰ ਦਿੱਤਾ ਹੈ ਕਿ ਜਾਂਚ ਕਿਸੇ ਵੀ ਤਰ੍ਹਾਂ ਦੇ ਰਾਜਨੀਤਿਕ ਦਬਾਅ ਤੋਂ ਰਹਿਤ ਹੋਵੇ ਅਤੇ ਸੱਚਾਈ ਸਾਹਮਣੇ ਲਿਆਉਣ ਲਈ ਸਮੇਂਬੱਧ ਕਾਰਵਾਈ ਕੀਤੀ ਜਾਵੇ। ਉਨ੍ਹਾਂ ਅਨੁਸਾਰ ਜੇਕਰ ਰਾਜਨੀਤਿਕ ਲਾਭ ਲਈ ਹਿੰਸਾ ਨੂੰ ਪ੍ਰੋਤਸਾਹਿਤ ਕਰਨ ਜਾਂ ਯੋਜਨਾ ਬਣਾਉਣ ਦੇ ਦੋਸ਼ਾਂ ਵਿੱਚ ਰਤਾ ਭਰ ਵੀ ਸੱਚਾਈ ਹੈ, ਤਾਂ ਇਹ ਲੋਕਤੰਤਰ ਅਤੇ ਪੰਜਾਬ ਦੇ ਅਮਨ ਵਿਰੁੱਧ ਗੰਭੀਰ ਅਪਰਾਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਇਲਾਵਾ, ਸ਼੍ਰੋਮਣੀ ਅਕਾਲੀ ਦਲ (ਪੁਨਰ ਸਰਦੀ) ਨੇ ਪੁਰਾਣੇ ਦੌਰ ਦੇ ਅਨਸੁਲਝੇ ਅਤੇ ਵਿਵਾਦਿਤ ਮਾਮਲਿਆਂ ਦੀ ਪੂਰੀ ਸੱਚਾਈ ਸਾਹਮਣੇ ਲਿਆਉਣ ਲਈ Truth and Reconciliation Commission (TRC) ਦੇ ਗਠਨ ਦੀ ਵੀ ਮੰਗ ਕੀਤੀ ਹੈ। ਪਾਰਟੀ ਦਾ ਮੰਨਣਾ ਹੈ ਕਿ ਇਸ ਤਰ੍ਹਾਂ ਦੀ ਕਮੇਟੀ ਰਾਹੀਂ ਪੀੜਤ ਪਰਿਵਾਰਾਂ ਨੂੰ ਨਿਆਂ ਅਤੇ ਸੱਚ ਮਿਲ ਸਕਦਾ ਹੈ। ਗਿਆਨੀ ਹਰਪ੍ਰੀਤ ਸਿੰਘ ਦੇ ਬਿਆਨ ਤੋਂ ਬਾਅਦ ਸਿਆਸੀ ਮਾਹੌਲ ਗਰਮਾਇਆ ਹੋਇਆ ਹੈ ਅਤੇ ਵੱਖ-ਵੱਖ ਧਿਰਾਂ ਵੱਲੋਂ ਪ੍ਰਤੀਕਿਰਿਆਵਾਂ ਆਉਣ ਦੀ ਸੰਭਾਵਨਾ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਸਰਕਾਰ ਇਸ ਮਾਮਲੇ 'ਤੇ ਕਿਹੜਾ ਰੁਖ ਅਖਤਿਆਰ ਕਰਦੀ ਹੈ ਅਤੇ ਕੀ ਇਸ ਬਿਆਨ ਦੇ ਆਧਾਰ 'ਤੇ ਕੋਈ ਔਪਚਾਰਿਕ ਜਾਂਚ ਅੱਗੇ ਵਧਦੀ ਹੈ ਜਾਂ ਨਹੀਂ।

### ਪ੍ਰਧਾਨ ਮੰਤਰੀ ਮੋਦੀ ਪੰਜਾਬ ਦੌਰੇ ਦੌਰਾਨ

# ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲੇ ਜਾਣ ਦਾ ਕਰਣ ਐਲਾਨ: ਸਰਨਾ



**ਨਵੀਂ ਦਿੱਲੀ, 29 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):** - ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਭਗਤ ਰਵਿਦਾਸ ਜੀ ਦੇ 649ਵੇਂ ਜਨਮ ਦਿਹਾੜੇ ਦੇ ਮੌਕੇ 'ਤੇ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪ੍ਰਸਤਾਵਿਤ ਦੌਰੇ ਦਾ ਸਵਾਗਤ ਕੀਤਾ ਹੈ, ਇਸਨੂੰ ਪੰਜਾਬ ਦੀਆਂ ਸਮਾਜਿਕ ਅਤੇ ਅਧਿਆਤਮਿਕ ਪਰੰਪਰਾਵਾਂ ਦੀ ਸਾਰਥਕ ਮਾਨਤਾ ਦੱਸਿਆ ਹੈ। ਮੀਡੀਆ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ, ਸਰਨਾ ਨੇ ਕਿਹਾ ਕਿ ਇਸ ਦੌਰੇ ਦੀ ਮਹੱਤਤਾ ਚੋਣ ਗਣਿਤ ਤੋਂ ਪਰੇ ਹੈ ਅਤੇ ਇਸਨੂੰ ਸਿੱਖ ਅਧਿਆਤਮਿਕ ਸਿਧਾਂਤ ਵਿੱਚ ਭਗਤ ਰਵਿਦਾਸ ਜੀ ਦੇ ਸਥਾਨ ਦੀ ਪ੍ਰਵਾਨਗੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਗਤ ਰਵਿਦਾਸ ਜੀ ਦੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਕਰਨਾ ਇੱਕ ਸੁਚੇਤ ਐਲਾਨ ਸੀ ਕਿ ਬ੍ਰਹਮਤਾ ਅਤੇ ਮਾਣ ਸਮਾਜਿਕ ਸਮਾਨਤਾ ਤੋਂ ਅਟੁੱਟ ਹਨ। ਸਰਨਾ ਨੇ ਕਿਹਾ ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ ਸਾਰੀ ਮਨੁੱਖਤਾ ਨੂੰ ਸੰਬੋਧਿਤ ਕਰਦੀ ਹੈ। ਇਹ ਦਰਜਾਬੰਦੀ ਨੂੰ ਰੱਦ ਕਰਦੀ ਹੈ ਅਤੇ ਇਸ ਗੱਲ ਦੀ ਪੁਸ਼ਟੀ ਕਰਦੀ ਹੈ ਕਿ ਅਧਿਆਤਮਿਕ ਗਿਆਨ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਲਈ ਬਰਾਬਰ ਹੈ। ਇਸ ਸੰਦੇਸ਼ ਨੇ ਸਦੀਆਂ ਤੋਂ ਸਿੱਖ ਸੋਚ ਅਤੇ ਪੰਜਾਬ ਦੀ ਸਮਾਜਿਕ ਜ਼ਮੀਰ ਨੂੰ ਆਕਾਰ ਦਿੱਤਾ ਹੈ । ਪੰਜਾਬ ਵਿੱਚ ਰਵਿਦਾਸੀਆ ਭਾਈਚਾਰੇ ਦੇ ਕੇਂਦਰ ਵਿੱਚ ਪ੍ਰਧਾਨ ਮੰਤਰੀ ਦੀ ਮੌਜੂਦਗੀ ਦਾ ਹਵਾਲਾ ਦਿੰਦੇ ਹੋਏ, ਸਰਨਾ ਨੇ ਕਿਹਾ ਕਿ ਇਹ ਵਿਸ਼ਵਾਸ ਨੂੰ ਪ੍ਰਤੀਕ ਵਜੋਂ ਪੇਸ਼ ਕਰਨ ਦੀ ਬਜਾਏ ਵੱਡੇ ਸਿੱਖ ਭਾਈਚਾਰੇ ਦੇ ਜੀਵਤ ਇਤਿਹਾਸ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਰਵਿਦਾਸੀਆਂ ਭਾਈਚਾਰਾ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਸਿੱਖ ਹਨ ਜਦੋਂ ਕਿ ਦੂਸਰੇ ਵੱਖ-ਵੱਖ ਪਰੰਪਰਾਵਾਂ ਦਾ ਪਾਲਣ ਕਰਦੇ ਹਨ, ਪੰਜਾਬ ਦੇ ਸੱਭਿਆਚਾਰਕ ਅਤੇ ਸਮਾਜਿਕ ਤਾਣੇ-ਬਾਣੇ ਵਿੱਚ ਅਹਿਮ ਸਥਾਨ ਰੱਖਦੇ ਹਨ । ਸਰਨਾ ਨੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਇਸ ਮੌਕੇ ਦੀ ਵਰਤੋਂ ਕਰਤਾਰਪੁਰ ਲਾਂਘੇ ਨੂੰ ਦੁਬਾਰਾ ਖੋਲ੍ਹਣ ਦਾ ਐਲਾਨ ਕਰਨ ਲਈ ਕਰਨ, ਇਸਨੂੰ ਇੱਕ ਅਜਿਹਾ ਸੰਕੇਤ ਦੱਸਦਿਆਂ ਜੋ ਭਾਰਤ ਅਤੇ ਵਿਦੇਸ਼ਾਂ ਵਿੱਚ ਸਾਰਥਕ ਸੰਦੇਸ਼ ਦੇਵੇਗਾ ।ਇੱਕ ਅਜਿਹੇ ਦਿਨ 'ਤੇ ਜੋ ਭਗਤ ਰਵਿਦਾਸ ਜੀ ਦਾ ਸਨਮਾਨ ਕਰਦਾ ਹੈ ਜਿਨ੍ਹਾਂ ਨੇ ਸਮਾਨਤਾ, ਨਿਮਰਤਾ ਅਤੇ ਸਾਂਝੀ ਮਨੁੱਖਤਾ ਦੀ ਗੱਲ ਕੀਤੀ ਸੀ, ਕਰਤਾਰਪੁਰ ਲਾਂਘੇ ਨੂੰ ਦੁਬਾਰਾ ਖੋਲ੍ਹਣ ਨਾਲ ਨੈਤਿਕ ਤੌਰ ਤੇ ਹੋਰ ਮਜ਼ਬੂਤ ਸੁਨੇਹੇ ਵਾਲਾ ਹੋਵੇਗਾ। ਇਹ ਸਿੱਖ ਸ਼ਰਧਾਲੂਆਂ ਨੂੰ ਇੱਕ ਵਾਰ ਫਿਰ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਮੱਥਾ ਟੇਕਣ ਦੀ ਆਗਿਆ ਦੇਵੇਗਾ, ਜਿੱਥੇ ਜਗਤ ਗੁਰੂ ਸ੍ਰੀ ਗੁਰੂ ਨਾਨਕ ਸਾਹਿਬ ਨੇ ਸਿੱਖੀ ਦੀ ਨੀਂਹ ਮਜ਼ਬੂਤ ਕੀਤੀ ਸੀ, ਜਿੱਥੇ ਗੁਰੂ ਕਾ ਲੰਗਰ ਰਸਮੀ ਤੌਰ 'ਤੇ ਸਥਾਪਿਤ ਕੀਤਾ ਗਿਆ ਸੀ, ਜਿੱਥੇ ਭਾਈ ਲਹਿਣਾ ਗੁਰੂ ਅੰਗਦ ਸਾਹਿਬ ਬਣੇ ਸਨ ਅਤੇ ਜਿੱਥੇ ਗੁਰੂ ਨਾਨਕ ਸਾਹਿਬ ਮਨੁੱਖੀ ਰੂਪ ਵਿੱਚ ਆਖਰੀ ਸਮਾਂ ਬਤੀਤ ਕੀਤਾ । ਸਰਨਾ ਨੇ ਕਿਹਾ, ਕਰਤਾਰਪੁਰ ਲਾਂਘੇ ਨੇ ਪਹਿਲਾਂ ਦਿਖਾਇਆ ਸੀ ਕਿ ਤਣਾਅਪੂਰਨ ਸਬੰਧਾਂ ਦੇ ਬਾਵਜੂਦ ਵੀ ਵਿਸ਼ਵਾਸ ਅਧਾਰਤ ਪਹੁੰਚ ਦੀ ਰੱਖਿਆ ਕੀਤੀ ਜਾ ਸਕਦੀ ਹੈ, ਅਤੇ ਇਸਨੂੰ ਬਹਾਲ ਕਰਨ ਨਾਲ ਹਜ਼ਾਰਾਂ ਸ਼ਰਧਾਲੂਆਂ ਨੂੰ ਦਿਲਾਸਾ ਮਿਲੇਗਾ।

**ਕਰਤਾਰਪੁਰ ਲਾਂਘੇ ਨੂੰ ਦੁਬਾਰਾ ਖੋਲ੍ਹਣ ਨਾਲ ਨੈਤਿਕ ਤੌਰ ਤੇ ਮਿਲੇਗਾ ਮਜ਼ਬੂਤ ਸੁਨੇਹਾ**

ਆਵਾਜ਼ਿ ਕੌਮ AWAZE QAUM International Newspaper & WEB TV

# ਭਾਈ ਅਮਰੀਕ ਸਿੰਘ ਮੁਕਤਸਰ ਵਲੋਂ ਚੇਤਾਵਨੀ: ਧੜੇਬੰਦੀ ਅਤੇ ਨਿੱਜਪ੍ਰਸਤੀ ਸਿੱਖ ਇਨਕਲਾਬ ਨੂੰ ਬਰਬਾਦ ਕਰ ਸਕਦੀ ਹੈ


**ਮੁਕਤਸਰ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਈ ਅਮਰੀਕ ਸਿੰਘ ਮੁਕਤਸਰ ਵਲੋਂ ਜਾਰੀ ਬਿਆਨ ਵਿੱਚ ਸਿੱਖ ਜਥੇਬੰਦੀ ਅਤੇ ਕੌਮੀ ਮਸਲਿਆਂ ਸਬੰਧੀ ਗੰਭੀਰ ਚੇਤਾਵਨੀ ਦਿੱਤੀ ਗਈ ਹੈ।ਭਾਈ ਅਮਰੀਕ ਸਿੰਘ ਨੇ ਕਿਹਾ ਕਿ ਧੜੇਬੰਦੀ ਅਤੇ ਨਿੱਜਪ੍ਰਸਤੀ ਦੇ ਨਸ਼ੇ ਵਿੱਚ ਖੁਦਗਰਜ਼ੀ ਪੀੜਤ ਸਮਾਜ ਸਿਰਜਣ ਦੇ ਸੁਪਨੇ ਨੂੰ ਸਿਰਫ਼ ਬਰਬਾਦੀ ਵੱਲ ਵੱਧਦੀ ਹੈ। ਉਹਨਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਕੌਮੀ ਉਸਾਰੀ ਅਤੇ ਸਮਾਜਿਕ ਸੁਧਾਰ ਲਈ ਗੁਰਮਤ ਅਨੁਸਾਰ ਸ਼ਖਸੀਅਤ ਦੀ ਘਾੜਤ ਅਤਿ ਮਹੱਤਵਪੂਰਨ ਹੈ। ਭਾਈ ਅਮਰੀਕ ਸਿੰਘ ਦੇ ਅਨੁਸਾਰ ਇਤਿਹਾਸ ਸਿੱਖਾਉਂਦਾ ਹੈ ਕਿ ਜੇ ਗੁਰੂ ਸਾਹਿਬਾਂ ਦੇ ਨੇੜੇ ਰਹਿਣ ਤੇ ਗੁਰਮਤਿ ਅਨੁਸਾਰ ਕਾਰਜ ਕਰਨ, ਤਾਂ ਹਰ ਮੈਦਾਨੀ ਫਤਹਿ ਸੰਭਵ ਹੈ; ਪਰ ਗੁਰੂ ਤੋਂ ਦੂਰ ਹੋਣ ਤੇ ਖੁਆਰੀਆਂ ਆਈਆਂ ਹਨ। ਉਹਨਾਂ ਨੇ ਮੌਜੂਦਾ ਹਾਲਾਤ 'ਤੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਅੱਜ ਸਿੱਖ ਜਥੇਬੰਦੀ ਅਤੇ ਆਦਾਰਸ਼ਕ ਕਾਰਜ ਆਰਥਿਕ ਲਾਭ ਤੇ ਧਿਆਨ ਕੇਂਦਰਿਤ ਹੋ ਗਏ ਹਨ। ਕੌਮੀ ਉਸਾਰੀ ਦੇ ਨਾਮ ਹੇਠ ਕੀਤੀਆਂ ਕਾਰਵਾਈਆਂ ਅਕਸਰ ਧੜੇਬੰਦੀ ਤੱਕ ਸੀਮਤ ਰਹਿ ਗਈਆਂ ਹਨ। ਭਾਈ ਅਮਰੀਕ ਸਿੰਘ ਮੁਕਤਸਰ ਦਾ ਮੱਤ ਹੈ ਕਿ ਗੁਰਮਤ ਅਨੁਸਾਰ ਸ਼ਖਸੀਅਤ ਅਤੇ ਕੌਮੀ ਉਸਾਰੀ ਦੇ ਬਿਨਾ ਆਦਰਸ਼ ਸਮਾਜ ਸਿਰਜਣਾ ਸਿਰਫ਼ ਸੁਪਨਾ ਰਹਿ ਜਾਂਦਾ ਹੈ। ਉਹ ਸਿੱਖ ਜਥੇਬੰਦੀ ਨੂੰ ਆਪਣੀਆਂ ਕਾਰਵਾਈਆਂ ਦਾ ਗੰਭੀਰ ਮੁਲਾਂਕਣ ਕਰਨ ਦੀ ਅਪੀਲ ਕਰਦੇ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

# ਲਾਪਤਾ ਹੋਏ 328 ਪਾਵਨ ਸਰੂਪਾਂ ਦੇ ਸੰਬੰਧ ਵਿਚ ਸਿਮਰਨਜੀਤ ਸਿੰਘ ਮਾਨ ਐਸਜੀਪੀਸੀ ਉਪਰ ਜਿੰਮੇਵਾਰੀ ਪੂਰੀ ਨਹੀਂ ਕਰਣ ਦੇ ਲਗਾਏ ਦੋਸ਼

ਨਵੀਂ ਦਿੱਲੀ, 29 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਾਪਤਾ ਹੋਏ 328 ਪਾਵਨ ਸਰੂਪਾਂ ਦੇ ਸੰਬੰਧ ਵਿਚ ਜੋ ਹਾਈਕੋਰਟ ਦੇ ਹੁਕਮਾਂ ਅਧੀਨ ਪੰਜਾਬ ਸਰਕਾਰ ਵੱਲੋ ਜਾਂਚ ਲਈ ਸਿੱਟ ਕਾਇਮ ਕੀਤੀ ਗਈ ਹੈ । ਜਿਸ ਵੱਲੋ ਜਾਂਚ ਜਾਰੀ ਹੈ, ਉਸ ਨੂੰ ਐਸ.ਜੀ.ਪੀ.ਸੀ ਦੇ ਸੰਬੰਧਤ ਦਸਤਾਵੇਜ ਦੇਣ ਦੀ ਜਦੋ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋ ਹੁਕਮ ਹੋ ਚੁੱਕਿਆ ਹੈ, ਫਿਰ ਸਿੱਟ ਨੂੰ ਸੰਬੰਧਤ ਦਸਤਾਵੇਜ ਕਿਉ ਨਹੀ ਦਿੱਤੇ ਜਾ ਰਹੇ ਅਤੇ ਉਨ੍ਹਾਂ ਹੁਕਮਾਂ ਨੂੰ ਪੂਰਨ ਕਿਉ ਨਹੀ ਕੀਤਾ ਜਾ ਰਿਹਾ ? ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਕੱਲ੍ਹ ਸਿੱਟ ਵੱਲੋ ਐਸ.ਜੀ.ਪੀ.ਸੀ ਦੇ ਅਧਿਕਾਰੀਆ ਨਾਲ ਸੰਪਰਕ ਕਰਨ ਉਪਰੰਤ ਵੀ ਕੋਈ ਸਹਿਯੋਗ ਨਾ ਕਰਨ ਦੀ ਕਾਰਵਾਈ ਦਾ ਸਖ਼ਤ ਨੋਟਿਸ ਲੈਦੇ ਹੋਏ ਅਤੇ ਸੱਚ ਨੂੰ ਸਾਹਮਣੇ ਆਉਣ ਤੋ ਰੋਕਣ ਦੀਆਂ ਕਾਰਵਾਈਆ ਉਤੇ ਹੋਰ ਸੰਜੀਦਾ ਹੁੰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜਦੋ ਕਾਨੂੰਨ ਅਨੁਸਾਰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਾਪਤਾ ਹੋਏ ਪਾਵਨ ਸਰੂਪਾਂ ਦੀ ਜਾਂਚ ਚੱਲ ਰਹੀ ਹੈ ਅਤੇ ਸਮੁੱਚੀ ਸਿੱਖ ਕੌਮ ਇਸਦੇ ਸੱਚ ਤੱਕ ਪਹੁੰਚਣ ਲਈ ਉਤਾਵਲੀ ਹੈ ਤਾਂ ਐਸ.ਜੀ.ਪੀ.ਸੀ ਦੇ ਅਧਿਕਾਰੀਆ ਨੂੰ ਇਸ ਉਦਮ ਵਿਚ ਕਿਸੇ ਤਰ੍ਹਾਂ ਦੀ ਰੁਕਾਵਟ ਨਾ ਪਾ ਕੇ ਸਿੱਖ ਕੌਮ ਦੀਆਂ ਭਾਵਨਾਵਾ ਅਨੁਸਾਰ ਇਸ ਜਾਂਚ ਨੂੰ ਸਹੀ ਢੰਗ ਨਾਲ ਪੂਰਨ ਕਰਨ ਵਿਚ ਸਹਿਯੋਗ ਕਰਨਾ ਚਾਹੀਦਾ ਹੈ ਨਾ ਕਿ ਆਨਾਕਾਨੀ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਇਹ ਗੰਭੀਰ ਮੁੱਦਾ ਹੋਰ ਦਿਸ਼ਾ ਵੱਲ ਮੁੜ ਪਵੇ ਉਸ ਤੋ ਪਹਿਲੇ ਐਸ.ਜੀ.ਪੀ.ਸੀ ਦੇ ਮੌਜੂਦਾ ਪ੍ਰਧਾਨ ਤੇ ਅਗਜੈਕਟਿਵ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੇ ਹੁਕਮਾਂ ਨੂੰ ਪ੍ਰਵਾਨ ਕਰਦੇ ਹੋਏ ਇਹ ਜਿੰਮੇਵਾਰੀ ਇਮਾਨਦਾਰੀ ਨਾਲ ਪੂਰਨ ਕਰ ਦੇਣੀ ਚਾਹੀਦੀ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਇੰਦਰ ਜੀਤ ਕੋਰ ਵਡਾਲਾ ਦੀ ਨਵੀਂ ਕਿਤਾਬ

# ਇੰਦਰਜੀਤ ਕੋਰ ਵਡਾਲਾ ਦੀ ਨਵੀਂ ਕਿਤਾਬ

ਬੇਵੱਸੀ ਦੇ ਉਸ ਆਲਮ ਵਿੱਚ ਜਦੋਂ ਦੁਨੀਆ ਵੱਸਦੀ ਲੱਗਦੀ ਸੀ ਪਰ ਅੰਦਰੋਂ ਸਭ ਕੁਝ ਉੱਜੜ ਚੁੱਕਿਆ ਸੀ, ਤਾਂ ਇੰਦਰਜੀਤ ਜੀ ਦੇ ਮਨ ਵਿੱਚ ਦੋ ਸਤਰਾਂ ਵਾਰ-ਵਾਰ ਗੂੰਜਦੀਆਂ

ਰੂਹ ਨਾਲ ਰੌਣਕ ਤੇਰੇ ਤੁਰ ਗਈ ਸੀ,
ਜਿਊਂਦੀ ਲਾਸ਼ ਮੈਂ ਪਈ ਮਕਾਨ ਅੰਦਰ,
ਬਾਝੋਂ ਮਾਪਿਆਂ ਦੇ ਕਿਸੇ ਪੁੱਛਿਆ ਨਹੀਂ,
ਦੁਨੀਆ ਵੱਸਦੀ ਲੱਖ ਜਹਾਨ ਅੰਦਰ,

ਇਹਨਾਂ ਸਤਰਾਂ ਨੇ ਉਹਨਾਂ ਨੂੰ ਕਲ਼ਮ ਫ਼ੜਨ ਲਈ ਮਜ਼ਬੂਰ ਕੀਤਾ। ਜਿਵੇਂ-ਜਿਵੇਂ ਦਿਲ ਦਾ ਗ਼ੁਬਾਰ ਕਾਗਜ਼ 'ਤੇ ਉਤਰਨਾ ਸ਼ੁਰੂ ਹੋਇਆ, ਕੁਦਰਤ ਨੇ ਵੀ ਰਹਿਮਤ ਕੀਤੀ।ਪੰਜ ਮਹੀਨਿਆਂ ਦੇ ਲਗਾਤਾਰ ਅਭਿਆਸ ਅਤੇ ਕਲਮ ਦੇ ਸਾਥ ਸਦਕਾ ਉਹਨਾਂ ਦੀ ਅਵਾਜ਼ ਵਾਪਸ ਆ ਗਈ। ਇਹ ਸਫ਼ਰ ਇੱਕ ਲੇਖਿਕਾ ਦਾ ਆਪਣੀ ਹੋਂਦ ਨੂੰ ਮੁੜ ਸੁਰਜੀਤ ਕਰਨ ਦਾ ਸਫ਼ਰ ਸੀ।

'ਜਿਊਂਦੀ ਲਾਸ਼':
ਸਮਾਜਿਕ ਰਿਸ਼ਤਿਆਂ ਦਾ ਸ਼ੀਸ਼ਾ
ਪਹਿਲੀ ਕਿਤਾਬ '


ਹੰਝੂਆਂ ਦਾ ਦਰਿਆ' ਤੋਂ ਬਾਅਦ ਹੁਣ ਉਹਨਾਂ ਦਾ ਨਵਾਂ ਕਾਵਿ-ਸੰਗ੍ਰਹਿ 'ਜਿਊਂਦੀ ਲਾਸ਼' ਪਾਠਕਾਂ ਦੇ ਰੂਬਰੂ ਹੈ। ਇਹ ਕਿਤਾਬ ਉਹਨਾਂ ਸਾਰੇ ਇਨਸਾਨਾਂ ਦਾ ਦਰਦ ਬਿਆਨ ਕਰਦੀ ਹੈ ਜੋ ਆਪਣੇ ਹਮਸਫ਼ਰ ਦੇ ਜਾਣ ਤੋਂ ਬਾਅਦ ਸਿਰਫ਼ ਸਾਹ ਲੈ ਰਹੇ ਹਨ। ਲੇਖਿਕਾ ਦਾ ਮੰਨਣਾ ਹੈ ਕਿ ਸਮਾਜ ਵਿੱਚ ਕਈ ਗੱਲਾਂ ਨੂੰ ਅਣਸੁਣਿਆ ਕਰਨ ਲਈ ਇਨਸਾਨ ਨੂੰ 'ਲਾਸ਼' ਵਾਂਗ ਬਣਨਾ ਪੈਂਦਾ ਹੈ। ਇਸ ਕਿਤਾਬ ਵਿੱਚ ਬਿਰਧ ਆਸ਼ਰਮਾਂ ਦੀ ਵਧਦੀ ਗਿਣਤੀ ਅਤੇ ਧੀਆਂ ਦੇ ਦੁੱਖਾਂ 'ਤੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ ਹੈ।

ਰੂਹਾਂ ਦਾ ਰਿਸ਼ਤਾ

ਸਾਹਿਤਕ ਖੇਤਰ ਵਿੱਚ ਵਿਚਰਦਿਆਂ ਮੈਨੂੰ ਭੈਣ ਇੰਦਰਜੀਤ ਜੀ ਨਾਲ ਗੱਲ ਕਰਨ ਦਾ ਮੌਕਾ ਮਿਲਿਆ। ਭਾਵੇਂ ਸਾਡਾ ਖ਼ੂਨ ਦਾ ਰਿਸ਼ਤਾ ਨਹੀਂ, ਪਰ ਉਹਨਾਂ ਦੀ ਸਾਦਗੀ ਅਤੇ ਸੱਚਾਈ ਨੇ ਅਜਿਹਾ ਪ੍ਰਭਾਵ ਪਾਇਆ ਕਿ ਅੱਜ ਉਹ ਮੇਰੀ ਸਭ ਤੋਂ ਨਜ਼ਦੀਕੀ ਭੈਣ ਹਨ। ਉਹਨਾਂ ਦੀ ਸ਼ਖ਼ਸੀਅਤ ਇਹ ਸਾਬਤ ਕਰਦੀ ਹੈ ਕਿ ਸੱਚੇ ਰਿਸ਼ਤਿਆਂ ਵਿੱਚ ਬੇਈਮਾਨੀ ਲਈ ਕੋਈ ਥਾਂ ਨਹੀਂ ਹੁੰਦੀ।

ਸਿੱਟਾ

ਇੰਦਰਜੀਤ ਕੌਰ ਵਡਾਲਾ ਦੀ ਕਲਮ ਆਪਣੇ ਪਤੀ ਦੀ ਯਾਦ ਵਿੱਚ ਇੱਕ ਸਦੀਵੀ ਦੀਵਾ ਹੈ।ਉਹਨਾਂ ਦਾ ਇਹ ਕਾਵਿ-ਸੰਗ੍ਰਹਿ ਸਿਰਫ਼ ਕਵਿਤਾਵਾਂ ਦਾ ਸੰਗ੍ਰਹਿ ਨਹੀਂ, ਸਗੋਂ ਜ਼ਿੰਦਗੀ ਜਿਊਣ ਦਾ ਇੱਕ ਨਵਾਂ ਰਾਹ ਹੈ। ਉਮੀਦ ਹੈ ਕਿ ਸਾਹਿਤ ਜਗਤ ਵਿੱਚ ਇਹ ਕਿਤਾਬ ਆਪਣੀ ਵਿਲੱਖਣ ਛਾਪ ਛੱਡੇਗੀ ਅਤੇ ਪਾਠਕਾਂ ਦੇ ਵਲਵਲਿਆਂ 'ਤੇ ਖ਼ਰੀ ਉਤਰੇਗੀ।




ਇੱਕ ਸੁਚੇਤ ਪਾਠਕ ਅਤੇ ਸਾਹਿਤਕ ਸੰਚਾਲਕ ਹਨ, ਜੋ ਸਮਾਜਿਕ ਸਰੋਕਾਰਾਂ 'ਤੇ ਲਗਾਤਾਰ ਲਿਖਦੇ ਰਹਿੰਦੇ ਹਨ।

ਰਿਸ਼ਤਿਆਂ ਦੀ ਮੰਡੀ ਵਿੱਚ ਰੂਹਾਨੀਅਤ ਦਾ ਹੋਕਾ

ਅੱਜ ਦੇ ਦੌਰ ਵਿੱਚ ਜਿੱਥੇ ਸਾਹਿਤ ਸਿਰਫ਼ ਸ਼ੋਹਰਤ ਦਾ ਸਾਧਨ ਬਣ ਕੇ ਰਹਿ ਗਿਆ ਹੈ, ਉੱਥੇ ਇੰਦਰਜੀਤ ਕੌਰ ਵਡਾਲਾ ਦੀ ਕਲਮ ਇੱਕ ਅਜਿਹੀ ਮਿਸ਼ਾਲ ਵਾਂਗ ਹੈ ਜੋ ਸੱਚ ਦੇ ਹਨੇਰੇ ਰਾਹਾਂ ਨੂੰ ਰੁਸ਼ਨਾ ਰਹੀ ਹੈ। ਉਹਨਾਂ ਦੀ ਲੇਖਣੀ ਦੀ ਖ਼ੂਬਸੂਰਤੀ ਇਹ ਹੈ ਕਿ ਉਹ ਸਿਰਫ਼ ਆਪਣੀ ਪੀੜ ਨਹੀਂ ਲਿਖਦੇ, ਸਗੋਂ ਉਹਨਾਂ ਹਜ਼ਾਰਾਂ ਔਰਤਾਂ ਅਤੇ ਬਜ਼ੁਰਗਾਂ ਦੀ ਆਵਾਜ਼ ਬਣਦੇ ਹਨ ਜੋ ਸਮਾਜਿਕ ਚੁੱਪ ਦੇ ਸ਼ਿਕਾਰ ਹਨ। ਉਹਨਾਂ ਦੀ ਨਵੀਂ ਕਿਤਾਬ 'ਜਿਊਂਦੀ ਲਾਸ਼' ਅਸਲ ਵਿੱਚ ਸਮਾਜ ਦੇ ਪੱਥਰ ਹੋ ਚੁੱਕੇ ਵਤੀਰੇ 'ਤੇ ਇੱਕ ਕਰਾਰੀ ਚੋਟ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਪਰਿਵਾਰਿਕ ਸਹਿਯੋਗ ਅਤੇ ਨਵੀਂ ਸ਼ੁਰੂਆਤ

ਜਦੋਂ ਲਕਵੇ ਕਾਰਨ ਆਵਾਜ਼ ਚਲੀ ਗਈ ਸੀ, ਤਾਂ ਉਸ ਔਖੇ ਵੇਲੇ ਉਹਨਾਂ ਦੇ ਪਰਿਵਾਰ ਨੇ ਮੋਢੇ ਨਾਲ ਮੋਢਾ ਜੋੜ ਕੇ ਸਾਥ ਦਿੱਤਾ।ਉਹਨਾਂ ਦੇ ਪਰਿਵਾਰਿਕ ਮੈਂਬਰਾਂ ਨੇ ਮਹਿਸੂਸ ਕੀਤਾ ਕਿ ਉਹਨਾਂ ਦੇ ਅੰਦਰ ਇੱਕ ਤੂਫ਼ਾਨ ਠਾਠਾਂ ਮਾਰ ਰਿਹਾ ਹੈ। ਉਹਨਾਂ ਨੇ ਹੀ ਭੈਣ ਜੀ ਨੂੰ ਪ੍ਰੇਰਿਤ ਕੀਤਾ ਕਿ ਜੋ ਦਰਦ ਜ਼ੁਬਾਨ ਰਾਹੀਂ ਬਾਹਰ ਨਹੀਂ ਆ ਸਕਦਾ, ਉਸਨੂੰ ਕਾਗਜ਼ 'ਤੇ ਉਤਾਰਿਆ ਜਾਵੇ। ਇਹੀ ਉਹ ਮੋੜ ਸੀ ਜਿੱਥੇ 'ਇੱਕ ਪਤਨੀ' ਦੇ ਦੁੱਖ ਨੇ 'ਇੱਕ ਕਵਿੱਤਰੀ' ਦੇ ਜਨਮ ਵਿੱਚ ਅਹਿਮ ਭੂਮਿਕਾ ਨਿਭਾਈ। ਉਹਨਾਂ ਦੀ ਕਲਮ ਨੇ ਉਹਨਾਂ ਦੇ ਜ਼ਖ਼ਮਾਂ ਨੂੰ ਸੁਕਾਇਆ ਨਹੀਂ, ਸਗੋਂ ਉਹਨਾਂ ਨੂੰ ਸ਼ਬਦਾਂ ਦਾ ਨੂਰ ਬਖ਼ਸ਼ ਦਿੱਤਾ।

ਬਿਰਧ ਆਸ਼ਰਮ: ਇੱਕ ਚੀਕਦੀ ਹਕੀਕਤ

ਲੇਖਿਕਾ ਨੇ ਆਪਣੀਆਂ ਰਚਨਾਵਾਂ ਵਿੱਚ ਇਸ ਗੱਲ 'ਤੇ ਡੂੰਘਾ ਦੁੱਖ ਪ੍ਰਗਟਾਇਆ ਹੈ ਕਿ ਜਿਸ ਪੰਜਾਬ ਦੀ ਮਿੱਟੀ ਵਿੱਚ ਗੁਰੂਆਂ-ਪੀਰਾਂ ਨੇ ਸੇਵਾ ਦਾ ਪਾਠ ਪੜ੍ਹਾਇਆ ਸੀ, ਉੱਥੇ ਅੱਜ ਬਿਰਧ ਆਸ਼ਰਮਾਂ ਦੀ ਜ਼ਰੂਰਤ ਕਿਉਂ ਪੈ ਰਹੀ ਹੈ ? ਉਹ ਲਿਖਦੇ ਹਨ ਕਿ ਬਿਰਧ ਆਸ਼ਰਮ ਕਿਸੇ ਵੀ ਸਮਾਜ ਦੀ ਤਰੱਕੀ ਨਹੀਂ, ਸਗੋਂ ਉਸਦੀ ਨੈਤਿਕ ਹਾਰ ਦੇ ਪ੍ਰਤੀਕ ਹਨ। ਉਹਨਾਂ ਦੀ ਕਵਿਤਾ ਪਾਠਕ ਨੂੰ ਇਹ ਅਹਿਸਾਸ ਕਰਵਾਉਂਦੀ ਹੈ ਕਿ ਜਦੋਂ ਤੱਕ ਮਾਂ-ਬਾਪ ਦੀਆਂ ਅੱਖਾਂ ਵਿੱਚ ਹੰਝੂ ਹਨ, ਉਦੋਂ ਤੱਕ ਕੋਈ ਵੀ ਤੀਰਥ ਯਾਤਰਾ ਸਫ਼ਲ ਨਹੀਂ ਹੋ ਸਕਦੀ।

ਸਮਾਜ ਲਈ ਇੱਕ ਮਿਸਾਲ

ਇੰਦਰਜੀਤ ਕੌਰ ਵਡਾਲਾ ਦਾ ਜੀਵਨ ਉਹਨਾਂ ਸਾਰੇ ਲੋਕਾਂ ਲਈ ਇੱਕ ਪ੍ਰੇਰਨਾ ਸਰੋਤ ਹੈ ਜੋ ਕਿਸੇ ਵੱਡੇ ਸਦਮੇ ਤੋਂ ਬਾਅਦ ਜ਼ਿੰਦਗੀ ਤੋਂ ਹਾਰ ਮੰਨ ਲੈਂਦੇ ਹਨ। ਉਹ ਦੱਸਦੇ ਹਨ ਕਿ ਕਿਵੇਂ ਇੱਕ 'ਕਲਮ' ਮਨੁੱਖ ਨੂੰ ਮੁੜ ਪੈਰਾਂ 'ਤੇ ਖੜ੍ਹਾ ਕਰ ਸਕਦੀ ਹੈ। ਉਹਨਾਂ ਦੀ ਅਵਾਜ਼ ਦਾ ਵਾਪਸ ਆਉਣਾ ਸਿਰਫ਼ ਇੱਕ ਮੈਡੀਕਲ ਚਮਤਕਾਰ ਨਹੀਂ, ਸਗੋਂ ਉਹਨਾਂ ਦੇ ਆਪਣੇ ਪਤੀ ਪ੍ਰਤੀ ਸੱਚੇ ਸਮਰਪਣ ਅਤੇ ਲਿਖਣ ਦੀ ਜਿੱਦ ਦਾ ਨਤੀਜਾ ਹੈ।

**ਅੰਤਿਮ ਸ਼ਬਦ**-ਅਖ਼ਬਾਰੀ ਪੰਨਿਆਂ ਰਾਹੀਂ ਮੈਂ ਪਾਠਕਾਂ ਨੂੰ ਇਹ ਗੁਜ਼ਾਰਿਸ਼ ਕਰਨਾ ਚਾਹਾਂਗਾ ਕਿ ਉਹ ਭੈਣ ਜੀ ਦੀਆਂ ਰਚਨਾਵਾਂ ਨੂੰ ਸਿਰਫ਼ ਪੜ੍ਹਨ ਹੀ ਨਾ, ਸਗੋਂ ਮਹਿਸੂਸ ਕਰਨ। ਇਹ ਰਚਨਾਵਾਂ ਸਾਨੂੰ ਸਿਖਾਉਂਦੀਆਂ ਹਨ ਕਿ ਰਿਸ਼ਤੇ ਕਿਵੇਂ ਨਿਭਾਏ ਜਾਂਦੇ ਹਨ ਅਤੇ ਕਿਵੇਂ ਕਿਸੇ ਦੇ ਤੁਰ ਜਾਣ ਤੋਂ ਬਾਅਦ ਵੀ ਉਸ ਨੂੰ ਆਪਣੀਆਂ ਯਾਦਾਂ ਅਤੇ ਕੰਮਾਂ ਵਿੱਚ ਜਿਊਂਦਾ ਰੱਖਿਆ ਜਾ ਸਕਦਾ ਹੈ। ਭੈਣ ਜੀ ਦੀ ਕਿਤਾਬ 'ਜਿਊਂਦੀ ਲਾਸ਼' ਹਰ ਉਸ ਰੂਹ ਦ ਦਾਸਤਾਨ ਹੈ ਜੋ ਮੁਹੱਬਤ ਵਿੱਚ ਫ਼ਨਾਹ ਹੋਣ ਦਾ ਮਾਦਾ ਰੱਖਦੀ ਹੈ।

**-ਪ੍ਰਗਟ ਸਿੰਘ ਗਿੱਲ ਬਾਗੀ**

ਆਵਾਜ਼ਿ ਕੌਮ AWAZE QAUM

ਬਾਬਾ ਦੀਪ ਸਿੰਘ ਜੀ ਦੇ ਜਨਮ ਦਿਵਸ ਸਬੰਧੀ

# ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ ਜੀ ਬਾਬਾ ਫਤਹਿ ਸਿੰਘ ਜੀ ਤੋਂ ਸਜਾਇਆ ਗਿਆ ਨਗਰ ਕੀਰਤਨ








ਨਵੀਂ ਦਿੱਲੀ, 29 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਦੇ ਜਨਮ ਦਿਵਸ ਨੂੰ ਸਮਰਪਿਤ ਵਿਸ਼ੇਸ਼ ਮਹਾਨ ਨਗਰ ਕੀਰਤਨ ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ ਬਾਬਾ ਫਤਹਿ ਸਿੰਘ ਜੀ ਫਤਹਿ ਨਗਰ ਦੀ ਪ੍ਰਬੰਧਕ ਕਮੇਟੀ ਵੱਲੋਂ ਸਥਾਨਕ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ ਗਿਆ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਭਾਈ ਅਮਨਦੀਪ ਸਿੰਘ ਅਤੇ ਭਾਈ ਪ੍ਰੀਤਮ ਸਿੰਘ ਨੇ ਦਸਿਆ ਕਿ ਬਾਬਾ ਦੀਪ ਸਿੰਘ ਦਾ ਨਾਂ ਉਨ੍ਹਾਂ ਮਹਾਨ ਸ਼ਹੀਦਾਂ ਦੀ ਕਤਾਰ ਵਿੱਚ ਆਉਂਦਾ ਹੈ, ਜਿਨ੍ਹਾਂ ਦੇ ਇਰਾਦੇ ਤੇ ਵਿਚਾਰ ਫੌਲਾਦੀ ਸਨ। ਬਾਬਾ ਦੀਪ ਸਿੰਘ ਜੀ ਸ਼ਹੀਦੀ ਮਿਸਲ ਦੇ ਮੁਖੀ ਸਨ ਅਤੇ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਸਨ। ਬਾਬਾ ਜੀ ਪੰਥ ਦੀ ਖਾਤਰ ਹਰ ਕੁਰਬਾਨੀ ਕਰਨ ਲਈ ਸਦਾ ਤਿਆਰ ਬਰ ਰਹਿਣ ਵਾਲੇ ਯੋਧੇ ਸਨ। ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਤੇ ਪਵਿੱਤਰ ਸਰੋਵਰ ਨੂੰ ਪੂਰ ਦੇਣ ਦੀ ਖ਼ਬਰ ਸ੍ਰੀ ਦਮਦਮਾ ਸਾਹਿਬ ਪਹੁੰਚੀ, ਤਾਂ ਆਪ ਜੀ 76 ਸਾਲ ਦੀ ਬਿਰਧ ਅਵਸਥਾ 'ਚ 18 ਸੇਰ ਦਾ ਖੰਡਾ ਹੱਥ 'ਚ ਫੜ ਸ੍ਰੀ ਦਰਬਾਰ ਸਾਹਿਬ ਨੂੰ ਆਜ਼ਾਦ ਕਰਵਾਉਣ ਲਈ ਚੱਲ ਪਏ। ਬਾਬਾ ਜੀ ਨੇ ਆਪਣੇ ਖੱਬੇ ਹੱਥ 'ਤੇ ਸੀਸ ਰੱਖ ਕੇ ਸੱਜੇ ਹੱਥ ਨਾਲ ਅਜਿਹਾ ਖੰਡਾ ਵਾਹਿਆ ਕਿ ਦੁਸ਼ਮਣ ਫ਼ੌਜ 'ਚ ਭਾਜੜਾਂ ਪੈ ਗਈਆਂ। ਬਾਬਾ ਜੀ ਜੰਗ ਜਿੱਤ ਕੇ ਸ੍ਰੀ ਹਰਿਮੰਰ ਸਾਹਿਬ ਪਰਿਕਰਮਾ ਚ ਸੀਸ ਭੇਟ ਕਰ ਕੇ ਸ਼ਹੀਦੀ ਪ੍ਰਾਪਤ ਕਰ ਗਏ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਭਾਈ ਇਕਬਾਲ ਸਿੰਘ ਅਤੇ ਭਾਈ ਜਗਦੇਵ ਸਿੰਘ ਨੇ ਦਸਿਆ ਕਿ ਇਸ ਮੌਕੇ ਗੁਰਦੁਆਰਾ ਸਾਹਿਬ ਵਿਚ ਕੀਰਤਨ ਦਰਬਾਰ ਵਿਚ ਪੰਥ ਦੇ ਪ੍ਰਸਿੱਧ ਰਾਗੀ ਜੱਥਿਆ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਸੰਗਤਾਂ ਗੁਰਬਾਣੀ ਕੀਰਤਨ ਸਰਵਣ ਕਰਵਾ ਕੇ ਗੁਰੂ ਜਸ ਨਾਲ ਜੋੜਿਆ ਸੀ। ਉਨ੍ਹਾਂ ਦਸਿਆ ਇਸ ਮੌਕੇ ਗੁਰਦੁਆਰਾ ਸਾਹਿਬ ਵਿਖ਼ੇ ਅੰਮ੍ਰਿਤ ਸੰਚਾਰ ਕਰਵਾਏ ਗਏ ਸਨ ਜਿਸ ਵਿਚ ਸੈਕੜੇ ਪ੍ਰਾਣੀ ਹਾਜ਼ਿਰੀ ਭਰਦੇ ਹੋਏ ਗੁਰੂ ਵਾਲੇ ਬਣੇ ਸਨ। ਉਨ੍ਹਾਂ ਦਸਿਆ ਗੁਰਦੁਆਰਾ ਸਾਹਿਬ ਤੋਂ ਸਜਾਇਆ ਗਿਆ ਮਹਾਨ ਨਗਰ ਕੀਰਤਨ ਸਵੇਰੇ 10:00 ਵੱਜੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਆਰੰਭ ਹੋਇਆ, ਜੋ ਵੱਖ-ਵੱਖ ਇਲਾਕਿਆਂ ਤੋਂ ਹੁੰਦਾ ਹੋਇਆਂ ਵਾਪਸੀ 'ਤੇ ਗੁਰਦੁਆਰਾ ਸਾਹਿਬ ਵਿੱਖੇ ਪਹੁੰਚ ਕੇ ਸੰਪੰਨ ਹੋਇਆ। ਉਨ੍ਹਾਂ ਦੱਸਿਆ ਨਗਰ ਕੀਰਤਨ ਦੌਰਾਨ ਗੁਰੂ ਸਾਹਿਬ ਜੀ ਦੀ ਪਾਲਕੀ ਅਤੇ ਪੰਜ ਪਿਆਰਿਆਂ ਦੇ ਅੱਗੇ ਸਾਰੇ ਰਸਤੇ ਵਿੱਚ ਫੁੱਲਾ ਦੀ ਵਰਖਾ ਕੀਤੀ ਗਈ। ਇਸ ਨਗਰ ਕੀਰਤਨ ਦੌਰਾਨ ਗਤਕਾ ਪਾਰਟੀਆਂ ਨੇ ਗਤਕੇ ਦੇ ਜੌਹਰ ਵਿਖਾਏ। ਸੰਗਤਾਂ ਵੱਲੋਂ ਨਗਰ ਕੀਰਤਨ ਵਿੱਚ ਸੰਗਤਾਂ ਲਈ ਵੱਖ-ਵੱਖ ਪਰਵਾਨਾ ਦੇ ਸਟਾਲ ਵੀ ਲਗਾਏ ਗਏ। ਨਗਰ ਕੀਰਤਨ ਦੌਰਾਨ ਜਗ੍ਹਾ-ਜਗ੍ਹਾ ਤੇ ਗੁਰੂ ਮਹਾਰਾਜ ਜੀ ਦੀ ਪਾਲਕੀ ਸਾਹਿਬ ਅਤੇ ਪੰਜ ਪਿਆਰੇ ਸਾਹਿਬਾਨ ਜੀ ਦਾ ਸੰਗਤਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਸਮੂਹ ਇਸ ਕਾਰਜ ਵਿਚ ਸਾਹਿਯੋਗ ਦੇਣ ਲਈ ਸੰਗਤਾਂ ਦਾ ਧੰਨਵਾਦ ਕੀਤਾ।

ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਰੀਵਿਊ ਦੇ ਲਈ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਕੀਤੀ ਰੀਵਿਊ ਮੀਟਿੰਗ ਆਯੋਜਿਤ

# ਲੋਕਾਂ ਨੂੰ ਅਪੀਲ ਨਿਰਧਾਰਤ ਕੀਤੇ ਸੀ.ਐਸ.ਸੀ. ਤੇ ਪਹੁੰਚ ਕੇ ਕਰਵਾਓ ਅਪਣੀ ਰਜਿਸਟ੍ਰੇਸ਼ਨ

**ਪਠਾਨਕੋਟ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਜਿਲ੍ਹਾ ਪ੍ਰਸਾਸਨ ਵੱਲੋਂ ਇੱਕ ਵਿਸੇਸ ਮੀਟਿੰਗ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਸਥਿਤ ਮੀਟਿੰਗ ਹਾਲ ਵਿਖੇ ਆਯੋਜਿਤ ਕੀਤੀ ਗਈ। ਜਿਸ ਦੀ ਪ੍ਰਧਾਨਗੀ ਡਾ. ਪੱਲਵੀ ਡਿਪਟੀ ਕਮਿਸਨਰ ਪਠਾਨਕੋਟ ਵੱਲੋਂ ਕੀਤੀ ਗਈ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਸੰਜੀਵ ਕੁਮਾਰ ਵਧੀਕ ਡਿਪਟੀ ਕਮਿਸਨਰ (ਜ), ਪਰਮਪਾਲ ਸਿੰਘ ਵਧੀਕ ਡਿਪਟੀ ਕਮਿਸਨਰ(ਵਿਕਾਸ), ਅਮਨਦੀਪ ਸੰਧੂ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਰਾਕੇਸ ਮੀਨਾ ਐਸ.ਡੀ.ਐਮ. ਪਠਾਨਕੋਟ, ਮੇਜਰ ਡਾ. ਸੁਮਿਤ ਮੁਧ ਐਸ.ਡੀ.ਐਮ. ਧਾਰਕਲ੍ਹਾ, ਵਿਕਰਜੀਤ ਸਿੰਘ ਸਹਾਇਕ ਕਮਿਸਨਰ ਜਰਨਲ, ਸੰਜੀਵ ਪਠਾਨੀਆ ਡੀ.ਆਰ.ਓ. ਪਠਾਨਕੋਟ, ਮਾਯੂਰ ਸਰਮਾ ਜਿਲ੍ਹਾ ਕੋਆਰਡੀਨੇਟਰ ਰਾਜ ਸਿਹਤ ਏਜੰਸੀ, ਸੁਰਿੰਦਰ ਕੁਮਾਰ ਸੀ.ਐਸ.ਸੀ. ਜਿਲ੍ਹਾ ਮੈਨੇਜਰ, ਡਾ. ਦਵਿੰਦਰ ਪਾਲ ਸਿੰਘ ਡਿਪਟੀ ਮੈਡੀਕਲ ਕਮਿਸਨਰ, ਰਾਮ ਲੁਭਾਇਆ ਜਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ ਅਤੇ ਹੋਰ ਵੱਖ ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ। ਮੀਟਿੰਗ ਨੂੰ ਸੰਬੋਧਤ ਕਰਦਿਆਂ ਡਾ. ਪੱਲਵੀ ਡਿਪਟੀ ਕਮਿਸਨਰ ਪਠਾਨਕੋਟ ਨੇ ਕਿਹਾ ਕਿ ਜਿਵੈਂ ਕਿ ਪੂਰੇ ਪੰਜਾਬ ਅੰਦਰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਜੋ ਲਾਗੂ ਹੋ ਚੁੱਕੀ ਹੈ ਅਤੇ ਇਸ ਅਧੀਨ ਜਿਲ੍ਹਾ ਪਠਾਨਕੋਟ ਅੰਦਰ ਵੀ ਸਿਹਤ ਬੀਮਾ ਕਾਰਡ ਬਣਾਏ ਜਾਣ ਦੀ ਪ੍ਰੀਕ੍ਰਿਆ ਚਲ ਰਹੀ ਹੈ। ਉਨ੍ਹਾਂ ਜਿਲ੍ਹਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਸਮੇਂ ਪਹਿਲੇ ਫੇਜ ਅੰਦਰ ਕਰੀਬ 86 ਸੀ.ਐਸ.ਸੀ. ਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਕਾਰਡ ਬਣਾਏ ਜਾ ਰਹੇ ਹਨ ਅਤੇ ਲੋਕ ਇਨ੍ਹਾਂ ਨਿਰਧਾਰਤ ਸਥਾਨਾਂ ਤੇ ਪਹੁੰਚ ਕਰਕੇ ਅਪਣਾ ਸਿਹਤ ਬੀਮਾ ਕਾਰਡ ਬਣਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਲਾਭਪਾਤਰੀਆਂ ਦੇ ਪਹਿਲਾਂ ਤੋਂ ਹੀ ਆਯੂਸਮਾਨ ਕਾਰਡ ਬਣੇ ਹੋਏ ਹਨ ਉਨ੍ਹਾਂ ਕਾਰਡ ਧਾਰਕਾਂ ਦੀ ਵੀ ਕੇ.ਵਾਈ.ਸੀ. ਹੋਣਾ ਲਾਜਮੀ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਵੀ ਕਿਹਾ ਕਿ ਕਾਰਡ ਬਣਾਏ ਜਾਣ ਦੀ ਪ੍ਰੀਕ੍ਰਿਆ ਵਿੱਚ ਤੇਜੀ ਲਿਆਂਦੀ ਜਾਵੈ। ਮੀਟਿੰਗ ਦੋਰਾਨ ਜਾਣਕਾਰੀ ਦਿੰਦਿਆਂ ਸ੍ਰੀ ਅਮਨਦੀਪ ਸੰਧੂ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਿਨ੍ਹਾਂ ਕਿਸੇ ਜਾਤਪਾਤ, ਬਿਨ੍ਹਾਂ ਕਿਸੇ ਭੇਦਭਾਵ ਤੋਂ ਹਰੇਕ ਪੰਜਾਬ ਦੇ ਵਸਨੀਕ ਦੇ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸੁਰੂਆਤ ਕੀਤੀ ਹੈ ਅਤੇ ਕੋਈ ਵੀ ਵਿਅਕਤੀ ਅਪਣਾ ਸਿਹਤ ਬੀਮਾ ਕਾਰਡ ਬਣਵਾ ਕੇ ਇਸ ਤੋਂ ਲਾਭ ਲੈ ਸਕਦਾ ਹੈ, ਉਨ੍ਹਾਂ ਕਿਹਾ ਕਿ ਯੋਜਨਾ ਅਧੀਨ ਹਰੇਕ ਪਰਿਵਾਰ ਦਾ 10 ਲੱਖ ਰੁਪਏ ਦਾ ਸਿਹਤ ਬੀਮਾ ਕੀਤਾ ਜਾ ਰਿਹਾ ਹੈ।

# ਧੂਰੀ ਹਲਕੇ ਦੇ 24 ਪਿੰਡਾਂ ਦੇ ਸਰਪੰਚਾਂ ਨਾਲ ਓ.ਐਸ.ਡੀ. ਸੁਖਵੀਰ ਸਿੰਘ ਨੇ ਕੀਤੀ ਬੈਠਕ; ਚੱਲ ਰਹੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

## ਧੂਰੀ ਹਲਕੇ ਦੇ ਵਿਕਾਸ ਲਈ ਫੰਡਾ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਓ.ਐਸ.ਡੀ. ਸੁਖਵੀਰ ਸਿੰਘ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸ. ਸੁਖਵੀਰ ਸਿੰਘ ਨੇ ਅੱਜ ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਵਿਖੇ ਹਲਕੇ ਦੇ 24 ਪਿੰਡਾਂ ਦੇ ਸਰਪੰਚਾਂ-ਪੰਚਾਂ ਸਮੇਤ ਇਲਾਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣ ਕੇ ਮੌਕੇ 'ਤੇ ਹੀ ਸਮੱਸਿਆਵਾਂ ਦਾ ਨਿਪਟਾਰਾ ਕੀਤਾ। ਇਸ ਮੌਕੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਅਤੇ ਪੰਚਾਂ ਨੇ ਆਪਣੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਲਈ ਭੇਜੀਆਂ ਗਈਆਂ ਗਰਾਂਟਾਂ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕਪੱਖੀ ਨੀਤੀਆਂ ਨੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਨੂੰ ਨਵੀਂ ਰਫ਼ਤਾਰ ਦਿੱਤੀ ਹੈ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਤੇ ਸ਼ਹਿਰਾਂ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਗਰਾਂਟਾਂ ਸਬੰਧੀ ਕਿਸੇ ਵੀ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਲਈ ਲੋੜੀਂਦੇ ਫ਼ੰਡ ਸਮੇਂ ਸਿਰ ਉਪਲਬਧ ਕਰਵਾਏ ਜਾ ਰਹੇ ਹਨ ਤਾਂ ਜੋ ਵਿਕਾਸ ਕਾਰਜ ਨਿਰੰਤਰ ਚੱਲਦੇ ਰਹਿਣ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਧੂਰੀ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਰੋਜ਼ਾਨਾ ਰਿਪੋਰਟ ਲੈਂਦੇ ਹਨ। ਓ.ਐਸ.ਡੀ. ਸੁਖਵੀਰ ਸਿੰਘ ਨੇ ਪਿੰਡਾਂ ਵਿੱਚ ਚੱਲ ਰਹੇ ਅਤੇ ਸ਼ੁਰੂ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਗੁਣਵੱਤਾ ਦੇ ਮਿਆਰਾਂ ਅਨੁਸਾਰ ਅਤੇ ਨਿਰਧਾਰਤ ਸਮੇਂ ਅੰਦਰ ਪੂਰੇ ਕੀਤੇ ਜਾਣ। ਇਸ ਦੌਰਾਨ ਪਿੰਡ ਈਸੜਾ, ਧੂਰਾ, ਭੋਜੋਵਾਲੀ, ਬੁਗਰਾ, ਭਲਵਾਨ, ਮਾਨਵਾਲਾ, ਕੱਕੜਵਾਲ, ਧੂਰੀ, ਮੂਲੋਵਾਲ, ਕਿਲ੍ਹਾ ਹਕੀਮਾਂ, ਅਲਾਲ, ਸੁਲਤਾਨਪੁਰ, ਢਢੋਗਲ, ਸ਼ੇਰਪੁਰ ਸੋਢੀਆਂ, ਬੰਗਾਂਵਾਲੀ, ਰੰਗੀਆਂ, ਦੋਹਲਾ, ਦੁਗਨੀ, ਮੀਮਸਾ ਅਤੇ ਕੌਲਸੇੜੀ ਦੇ ਸਰਪੰਚਾਂ ਅਤੇ ਪੰਚਾਂ ਨੇ ਆਪਣੇ-ਆਪਣੇ ਪਿੰਡਾਂ ਵਿੱਚ ਚੱਲ ਰਹੇ ਅਤੇ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਤੋਂ ਇਲਾਵਾ ਰਮਨਦੀਪ ਸਿੰਘ, ਮਨਪ੍ਰੀਤ ਸਿੰਘ, ਦਵਿੰਦਰ ਸਿੰਘ, ਜਗਸੀਰ ਸਿੰਘ, ਹਰਜੀਤ ਸਿੰਘ, ਭਗਵਾਨ ਸਿੰਘ, ਰਜਿੰਦਰ ਸਿੰਘ, ਜਗਜੀਤ ਸਿੰਘ, ਅਮਨਦੀਪ ਸਿੰਘ, ਸੁਖਚੈਨ ਸਿੰਘ, ਅਮਰੀਕ ਸਿੰਘ, ਜਰਨੈਲ ਸਿੰਘ, ਦਰਸ਼ਨ ਸਿੰਘ, ਜਸਵੀਰ ਦਾਸ, ਜਗਰਾਜ ਸਿੰਘ, ਹਰਵਿੰਦਰ ਸਿੰਘ, ਅੰਮ੍ਰਿਤਪਾਲ ਸਿੰਘ, ਜਸਵੀਰ ਸਿੰਘ, ਗੁਰਜੀਤ ਸਿੰਘ, ਖ਼ਾਲਿਦ ਖ਼ਾਨ, ਬਲਦੀਪ ਸਿੰਘ, ਰਮਨਦੀਪ ਸਿੰਘ ਅਤੇ ਹਰਪ੍ਰੀਤ ਸਿੰਘ ਸਮੇਤ ਧੂਰੀ ਹਲਕੇ ਦੇ ਵੱਡੀ ਗਿਣਤੀ ਵਿੱਚ ਸਰਪੰਚ ਅਤੇ ਪੰਚ ਮੌਜੂਦ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵੱਖ-ਵੱਖ ਹਲਕਿਆਂ ਤੋਂ ਸ਼ਰਧਾਲੂ ਅੰਮ੍ਰਿਤਸਰ ਲਈ ਰਵਾਨਾ




ਬਠਿੰਡਾ, 29 ਜਨਵਰੀ (ਗੁਰਜੰਟ ਨੂੰ ਨਥੇਹਾ)- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਵਿੱਤਰ ਸ਼ਹਿਰ ਅੰਮ੍ਰਿਤਸਰ ਵਿੱਚ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਬੱਸਾਂ ਨੂੰ ਚੇਅਰਮੈਨ ਰਾਕੇਸ਼ ਪੁਰੀ ਨੇ ਵਿਧਾਨ ਸਭਾ ਹਲਕਾ ਬਠਿੰਡਾ (ਸ਼ਹਿਰੀ) ਤੋਂ ਰਵਾਨਾ ਕੀਤਾ। ਇਸ ਤੋਂ ਇਲਾਵਾ ਵਿਧਾਨ ਸਭਾ ਹਲਕਾ ਬਠਿੰਡਾ( ਦਿਹਾਤੀ) ਬਹਿਮਣ ਦੀਵਾਨਾ, ਵਿਧਾਨ ਸਭਾ ਹਲਕਾ ਮੌੜ ਦੇ ਪਿੰਡ ਜਿਉਂਦ, ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਪਿੰਡ ਬਲਾਹੜ ਮਹਿਮਾ, ਵਿਧਾਨ ਸਭਾ ਹਲਕਾ ਰਾਮਪੁਰਾ ਦੇ ਭਗਤਾ ਭਾਈ ਅਤੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੇ ਪਿੰਡ ਚੱਕ ਹੀਰਾ ਸਿੰਘ ਵਾਲਾ ਤੋਂ ਬੱਸਾਂ ਰਵਾਨਾ ਹੋਈਆਂ। ਇਸ ਦੌਰਾਨ



ਚੇਅਰਮੈਨ ਰਾਕੇਸ਼ ਪੁਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ ਇਹ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਪੰਜਾਬ ਦੇ ਨਿਵਾਸੀਆਂ ਨੂੰ ਦੇਸ਼ ਦੇ ਪ੍ਰਮੁੱਖ ਤੀਰਥ ਅਸਥਾਨਾਂ ਦੇ ਦਰਸ਼ਨ ਮੁਫ਼ਤ ਕਰਵਾਏ ਜਾ ਰਹੇ ਹਨ। ਰਾਕੇਸ਼ ਪੁਰੀ ਨੇ ਕਿਹਾ ਕਿ ਯਾਤਰਾ ਦੌਰਾਨ ਰਹਿਣ-ਸਹਿਣ, ਖਾਣ-ਪੀਣ ਅਤੇ ਆਵਾਜਾਈ ਦੀ ਪੂਰੀ ਵਿਵਸਥਾ ਸਰਕਾਰ ਵੱਲੋਂ ਕੀਤੀ ਜਾ ਰਹੀ ਹੈ, ਜਿਸ ਨਾਲ ਬਜ਼ੁਰਗਾਂ ਅਤੇ ਜ਼ਰੂਰਤਮੰਦ ਲੋਕਾਂ ਨੂੰ ਵੱਡੀ ਸਹੂਲਤ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਸਮਾਜਿਕ ਸਮਾਨਤਾ ਅਤੇ ਸੇਵਾ ਭਾਵਨਾ ਦੀ ਮਿਸਾਲ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਲੋਕ ਇਸ ਸਕੀਮ ਦਾ ਲਾਭ ਲੈਣ ਅਤੇ ਆਪਣੀ ਆਸਥਾ ਅਨੁਸਾਰ ਤੀਰਥ ਯਾਤਰਾ ਕਰਕੇ ਸਰਕਾਰ ਦੀ ਇਸ ਲੋਕ ਹਿਤੈਸ਼ੀ ਯੋਜਨਾ ਨੂੰ ਸਫ਼ਲ ਬਣਾਉਣ। ਇਸ ਮੌਕੇ ਜਿਥੇ ਸ਼ਰਧਾਲੂਆਂ ਵਲੋਂ ਪੰਜਾਬ ਸਰਕਾਰ ਦਾ ਵਿਸ਼ੇਸ਼ ਸਕੀਮ ਚਲਾਉਣ 'ਤੇ ਧੰਨਵਾਦ ਕੀਤਾ ਉਥੇ ਹੀ ਸਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਧੰਨ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ

# ਮਹਾਨ ਅਵਤਾਰ ਪੁਰਬ



ਸ਼੍ਰੋਮਣੀ ਭਗਤ
ਭਗਤ ਰਵਿਦਾਸ ਸਾਹਿਬ ਜੀ

ਜਨਮ ਦਿਹਾੜਾ ਸ਼੍ਰੋਮਣੀ ਭਗਤ ਭਗਤ ਰਵਿਦਾਸ ਸਾਹਿਬ ਜੀ, ਜਨਮ ਦਿਹਾੜਾ ਸਿਰ ਲੱਥ ਯੋਧੇ ਅਨੌਖੇ ਅਮਰ ਸ਼ਹੀਦ ਦਮਦਮੀ ਟਕਸਾਲ ਦੇ ਪਹਿਲੇ ਮੁੱਖੀ ਧੰਨ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ, ਅਵਤਾਰ ਪੁਰਬ ਧੰਨ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



ਧੰਨ ਧੰਨ ਬਾਬਾ ਦੀਪ
ਸਿੰਘ ਸਾਹਿਬ ਜੀ

• ਸ਼ੁੱਕਰਵਾਰ 10 : 00 ਵਜੇ ਆਰੰਭਤਾ ਹੋਵੇਗੀ ਅਤੇ ਐਤਵਾਰ 10:00 ਵਜੇ ਭੋਗ ਪੈਣਗੇ। • ਸ਼ਨਿੱਚਰਵਾਰ 31 ਜਨਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 1 ਫਰਵਰੀ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਰ ਸਿੱਖ ਪਰਿਵਾਰ ਭਾਈ ਹਰਜੀਤ ਸਿੰਘ ਲੋਧੀ ਵੱਲੋਂ ਲਈ ਗਈ ਹੈ।

ਕਵੀਸ਼ਰੀ ਜਥਾ ਭਾਈ ਸਤਨਾਮ ਸਿੰਘ ਸਰਹਾਲੀ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾ ਤਰ੍ਹਾਂ ਦੇ ਸਟਾਲ ਲੱਗਣਗੇ, ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਜੁਡੀਸ਼ਲ ਕਮਿਸ਼ਨ ਅੱਗੇ ਝੀਂਡਾ ਦਾ ਝੂਠ ਨੰਗਾ

# ਬਜਟ ਇਜ਼ਲਾਸ ਬਾਰੇ ਗਲਤ ਬਿਆਨਾਂ ਦੀ ਅਦਾਲਤ ਵਿੱਚ ਖੁੱਲੀ ਪੋਲ











**ਚੰਡੀਗੜ੍ਹ/ਹਰਿਆਣਾ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਜੁਡੀਸ਼ਲ ਕਮਿਸ਼ਨ ਕੋਲ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਰਾਮਸਰ ਵੱਲੋਂ ਬਜਟ ਨੂੰ ਲੈ ਕੇ ਦਾਇਰ ਕੀਤੇ ਕੇਸ ਦੀ ਸੁਣਵਾਈ ਤੋਂ ਬਾਅਦ ਪ੍ਰੈੱਸ ਕਾਨਫਰੰਸ ਕੀਤੀ ਗਈ।ਇਸ ਦੌਰਾਨ ਅਦਾਲਤ ਵਿੱਚ ਪੇਸ਼ ਹੋਏ ਸੀਨੀਅਰ ਮੈਂਬਰ ਸ. ਜੋਗਾ ਸਿੰਘ (ਯਮੁਨਾਨਗਰ) ਅਤੇ ਜਥੇਦਾਰ ਬਲਦੇਵ ਸਿੰਘ ਹਾਬੜੀ ਨੇ ਝੀਂਡਾ ਵੱਲੋਂ ਕੀਤੇ ਗਏ ਬਿਆਨਾਂ ਨੂੰ ਝੂਠ ਸਾਬਤ ਕਰ ਦਿੱਤਾ।

ਉਨ੍ਹਾਂ ਅਦਾਲਤ ਵਿੱਚ ਦਰਜ਼ ਕਰਵਾਏ ਬਿਆਨਾਂ ਵਿੱਚ ਸਾਫ਼ ਕੀਤਾ ਕਿ ਉਹ 7 ਜਨਵਰੀ ਨੂੰ ਕੁਰੂਕਸ਼ੇਤਰ ਵਿੱਚ ਹੋਏ ਬਜਟ ਇਜ਼ਲਾਸ ਵਿੱਚ ਹਾਜ਼ਰ ਨਹੀਂ ਸਨ, ਜਦਕਿ ਝੀਂਡਾ ਵੱਲੋਂ ਇਸ ਸਬੰਧੀ ਗਲਤ ਦਾਅਵੇ ਕੀਤੇ ਗਏ ਸਨ। ਇਸ ਖੁਲਾਸੇ ਨਾਲ ਝੀਂਡਾ ਦੇ ਬਿਆਨਾਂ ਦੀ ਸੱਚਾਈ 'ਤੇ ਗੰਭੀਰ ਸਵਾਲ ਖੜ੍ਹੇ ਹੋ ਗਏ ਹਨ।

ਪ੍ਰੈੱਸ ਕਾਨਫਰੰਸ ਦੌਰਾਨ ਆਗੂਆਂ ਨੇ ਕਿਹਾ ਕਿ ਝੂਠ ਦੇ ਆਧਾਰ 'ਤੇ ਸੰਸਥਾਵਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਦੇ ਕਾਮਯਾਬ ਨਹੀਂ ਹੁੰਦੀ ਅਤੇ ਸੱਚ ਅਦਾਲਤ ਵਿੱਚ ਸਾਹਮਣੇ ਆ ਕੇ ਰਹਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

1. ਅਦਾਲਤ ਵਿੱਚ ਫੜਿਆ ਗਿਆ ਝੀਂਡਾ ਦਾ ਝੂਠ: ਬਜਟ ਇਜ਼ਲਾਸ ਮਾਮਲੇ ਨੇ ਹਿਲਾਈ ਸਿਆਸਤ

2. ਬਿਆਨਬਾਜ਼ੀ ਦੀ ਹਵਾ ਨਿਕਲੀ: ਜੁਡੀਸ਼ਲ ਕਮਿਸ਼ਨ ਅੱਗੇ ਝੀਂਡਾ ਬੇਨਕਾਬ

3. ਸੱਚ ਨੇ ਦਿੱਤਾ ਝੂਠ ਨੂੰ ਝਟਕਾ: 7 ਜਨਵਰੀ ਬਜਟ ਇਜ਼ਲਾਸ 'ਚ ਹਾਜ਼ਰੀ ਦਾ ਦਾਅਵਾ ਝੂਠਾ ਸਾਬਤ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਅਕਾਲ ਯੂਨੀਵਰਸਿਟੀ ਵਿੱਚ

# ਸੋਸ਼ਲ ਇਮੋਸ਼ਨਲ ਲਰਨਿੰਗ ਵਰਕਸ਼ਾਪ ਦਾ ਸਫ਼ਲ ਆਯੋਜਨ






**ਤਲਵੰਡੀ ਸਾਬੋ, 29 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੀ ਇੰਟਰਨਲ ਕਵਾਲਿਟੀ ਅਸ਼ੂਰੈਂਸ ਸੈੱਲ ਵੱਲੋਂ 27 ਤੋਂ 29 ਜਨਵਰੀ 2026 ਤੱਕ ਮਲਟੀਪਰਪਜ਼ ਹਾਲ ਵਿੱਚ ਤਿੰਨ ਦਿਨਾਂ ਦੀ ਸੋਸ਼ਲ-ਇਮੋਸ਼ਨਲ ਲਰਨਿੰਗ ਵਰਕਸ਼ਾਪ



ਦਾ ਸਫ਼ਲ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਤੋਂ ਪਹੁੰਚੇ 56 ਪ੍ਰਿੰਸੀਪਲਾਂ ਅਤੇ 48 ਅਧਿਆਪਕਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਵਰਕਸ਼ਾਪ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਵਿਦਿਆਰਥੀਆਂ ਦੀ ਭਾਵਨਾਤਮਕ ਬੁੱਧੀ, ਆਤਮ ਨਿਯੰਤਰਣ, ਸਹਿਯੋਗ ਅਤੇ ਸਕਾਰਾਤਮਕ ਵਿਵਹਾਰ ਦੇ ਵਿਕਾਸ ਲਈ ਸੋਸ਼ਲ-ਇਮੋਸ਼ਨਲ ਲਰਨਿੰਗ ਦੀਆਂ ਆਧੁਨਿਕ ਤਕਨੀਕਾਂ ਦੀ ਜਾਣਕਾਰੀ ਦੇਣਾ ਸੀ। ਵਰਕਸ਼ਾਪ ਦੀ ਸ਼ੁਰੂਆਤ ਡੀਨ ਅਕਾਦਮਿਕ ਮੇਜਰ ਜਨਰਲ ਡਾ. ਜੀ.ਐੱਸ. ਲਾਂਬਾ, ਵੱਲੋਂ ਕੀਤੀ ਗਈ। ਉਨ੍ਹਾਂ ਨੇ ਸਭ ਦਾ ਸਵਾਗਤ ਕਰਨ ਉਪਰੰਤ ਵਰਕਸ਼ਾਪ ਦੀ ਰੂਪਰੇਖਾਂ ਸਾਂਝੀ ਕੀਤੀ। ਵਰਕਸ਼ਾਪ ਵਿਚ ਪ੍ਰਸਿੱਧ ਇੰਟਰਨੈਸ਼ਨਲ ਐਜੂਕੇਸ਼ਨ ਕਨਸਲਟੈਂਟ ਡਾ. ਜੱਸ ਕੌਰ ਮਾਗਨ, ਜੋ ਮੈਕਗਿੱਲ ਯੂਨੀਵਰਸਿਟੀ ਅਤੇ ਆਕਸਫੋਰਡ ਯੂਨੀਵਰਸਿਟੀ ਤੋਂ ਉੱਚ ਅਕਾਦਮਿਕ ਯੋਗਤਾਵਾਂ ਵਾਲੇ ਹਨ, ਨੇ ਮੁੱਖ ਵਕਤਾ ਵਜੋਂ ਭਾਗ ਲਿਆ। ਵਰਕਸ਼ਾਪ ਦੌਰਾਨ ਅਧਿਆਪਕਾਂ ਨੂੰ ਮਾਇੰਡਫੁਲਨੈਸ ਅਭਿਆਸ, ਪ੍ਰਤੀਕਾਤਮਕ ਜਰਨਲਿੰਗ, ਸਵੈ-ਮੁਲਾਂਕਣ, ਰੋਲ ਪਲੇਅ ਅਤੇ ਗਰੁੱਪ ਚਰਚਾ ਰਾਹੀਂ ਭਾਵਨਾਤਮਕ ਸਮਝ, ਸਹਾਨੁਭੂਤੀ ਅਤੇ ਟਕਰਾਅ ਨਿਵਾਰਣ ਦੇ ਅਭਿਆਸੀ ਤਰੀਕੇ ਸਿਖਾਏ ਗਏ, ਨਾਲ ਹੀ ਵੱਖ-ਵੱਖ ਅਭਿਆਸੀਆਂ ਦੀ ਮਦਦ ਲਈ ਡਿਜ਼ੀਟਲ ਟੂਲਜ਼ ਬਾਰੇ ਵੀ ਜਾਣਕਾਰੀ ਦਿੱਤੀ ਗਈ। ਵਰਕਸ਼ਾਪ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੇ ਆਪਣੇ-ਆਪਣੇ ਸਕੂਲਾਂ ਵਿੱਚ ਸੋਸ਼ਲ-ਇਮੋਸ਼ਨਲ ਲਰਨਿੰਗ ਤਕਨੀਕਾਂ ਲਾਗੂ ਕਰਨ ਦੀ ਪ੍ਰਤੀਬੱਧਤਾ ਨੂੰ ਸਮਝਿਆ। ਇਹ ਵਰਕਸ਼ਾਪ ਅਕਾਲ ਯੂਨੀਵਰਸਿਟੀ ਦੇ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਅਧੀਨ 10ਵਾਂ ਪ੍ਰੋਗਰਾਮ ਸੀ, ਜਿਸ ਨੇ ਅਧਿਆਪਕਾਂ ਵਿਚਕਾਰ ਸਾਂਝੇ ਰੂਪ ਵਿਚ ਸਿਖਲਾਈ, ਪ੍ਰੋਫੈਸ਼ਨਲ ਨੈੱਟਵਰਕਿੰਗ ਅਤੇ ਭਵਿੱਖ ਵਿਚ ਸਹਿਯੋਗ ਲਈ ਮਜ਼ਬੂਤ ਅਧਾਰ ਤਿਆਰ ਕੀਤਾ।

## ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ:- ਅਮਿਤ ਸਿੰਘ ਮੰਟੂ

# ਦਾਖ਼ਲਾ ਮੁਹਿੰਮ ਜਾਗਰੂਕਤਾ ਵੈਨ ਨੂੰ ਦੂਜੇ ਦਿਨ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਅਮਿਤ ਸਿੰਘ ਮੰਟੂ ਨੇ ਹਰੀ ਝੰਡੀ ਦੇ ਕੇ ਕੀਤਾ ਰਵਾਨਾ





**ਪਠਾਨਕੋਟ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿੱਚ ਸਿੱਖਿਆ ਮੰਤਰੀ ਸਰਦਾਰ ਹਰਜੋਤ ਸਿੰਘ ਬੈਂਸ ਦੀ ਦੇਖ-ਰੇਖ ਹੇਠ ਆਈ ਸਿੱਖਿਆ ਕ੍ਰਾਂਤੀ ਨੇ ਰਾਜ ਦੇ ਸਰਕਾਰੀ ਸਕੂਲਾਂ ਦਾ ਮੁਹਾਂਦਰਾ ਬਦਲ ਕੇ ਰੱਖ ਦਿੱਤਾ ਹੈ, ਜਿਸ ਕਰਕੇ ਇਥੇ ਪੜ੍ਹਨ ਵਾਲੇ ਵਿਦਿਆਰਥੀਆਂ ਦਾ ਭਵਿੱਖ ਸੁਨਹਿਰੀ ਹੋਵੇਗਾ। ਇੰਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਅਮਿਤ ਸਿੰਘ ਮੰਟੂ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਸੁਜਾਨਪੁਰ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ/ ਸੈਕੰਡਰੀ ਸ੍ਰੀਮਤੀ ਕਮਲਦੀਪ ਕੌਰ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਅਮਨਦੀਪ ਕੁਮਾਰ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀ.ਜੀ. ਸਿੰਘ ਦੀ ਅਗਵਾਈ ਹੇਠ ਚਲਾਈ ਗਈ ਦਾਖਲਾ ਮੁਹਿੰਮ ਜਾਗਰੂਕਤਾ ਵੈਨ ਦੇ ਦੂਜੇ ਦਿਨ ਸਰਕਾਰੀ ਪ੍ਰਾਇਮਰੀ ਸਕੂਲ ਕਾਹਨਪੁਰ ਤੋਂ ਹਰੀ ਝੰਡੀ ਦੇ ਕੇ ਵੈਨ ਨੂੰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਲਈ ਰਵਾਨਾ ਕਰਦਿਆਂ ਕੀਤਾ। ਇਸ ਮੌਕੇ ਬੀਡੀਪੀਓ ਸ੍ਰੀ ਸੁਖਵਿੰਦਰ ਸਿੰਘ ਵਿਸ਼ੇਸ਼ ਤੌਰ ਤੇ ਮੌਜੂਦਾ ਸਨ।





ਸ੍ਰੀ ਅਮਿਤ ਸਿੰਘ ਮੰਟੂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਨੇ ਸਿੱਖਿਆ ਦੇ ਖੇਤਰ ਵਿੱਚ ਵੱਡੇ ਮੁਕਾਮ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਭਰ ਵਿਚ ਹੋਰ ਸੂਬਿਆਂ ਵਿੱਚ ਸਿੱਖਿਆ ਦੇ ਖੇਤਰ ਵਿੱਚ ਰੋਲ ਮਾਡਲ ਬਣ ਗਿਆ ਹੈ। ਸਰਕਾਰੀ ਸਕੂਲਾਂ ਦੀ ਸਥਿਤੀ ਵਿੱਚ ਦਹਾਕਿਆਂ ਬਾਅਦ ਚੋਖਾ ਸੁਧਾਰ ਹੋਇਆ ਹੈ। ਅੱਜ ਹਰ ਸਰਕਾਰੀ ਸਕੂਲ ਵਿੱਚ ਵਿਕਾਸ ਦੇ ਕੰਮ ਚੱਲ ਰਹੇ ਹਨ ਤੇ ਕਲਾਸਰੂਮ ਬਣਾਏ ਜਾ ਰਹੇ ਹਨ, ਪਖਾਨੇ, ਵਾਈ-ਫਾਈ, ਲੈਬ ਵਰਗੀਆਂ ਸਹੂਲਤਾਂ ਉਪਲੱਬਧ ਹੋ ਰਹੀਆਂ ਹਨ। ਹਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਵਾਸਤੇ 2-2 ਸਿਕਿਉਰਟੀ ਗਾਰਡ ਅਤੇ ਕੈਂਪਸ ਮੈਨੇਜਰ ਨਿਯੁਕਤ ਕੀਤੇ ਗਏ ਹਨ। ਸਰਕਾਰ ਵੱਲੋਂ ਸਕੂਲ ਆਫ਼ ਐਮੀਨੈਂਸ ਅਤੇ ਸਕੂਲ ਆਫ਼ ਹੈਪੀਨੈਸ ਤਿਆਰ ਕੀਤੇ ਜਾ ਰਹੇ ਹਨ।

ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀਮਤੀ ਕਮਲਦੀਪ ਕੌਰ ਨੇ ਕਿਹਾ ਕਿ ਸਿੱਖਿਆ ਕ੍ਰਾਂਤੀ ਬਾਰੇ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਪਠਾਨਕੋਟ ਜ਼ਿਲ੍ਹੇ ਦੇ ਪਿੰਡਾਂ, ਸ਼ਹਿਰਾਂ ਵਿੱਚ ਦਾਖਲਾ ਜਾਗਰੂਕਤਾ ਵੈਨ ਰਾਹੀਂ ਪ੍ਰਚਾਰ ਕਰਦਿਆਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਦਾਖਲਿਆਂ ਸਬੰਧੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਅਧੁਨਿਕ ਸਹੂਲਤਾਂ ਨਾਲ ਵਿਦਿਆਰਥੀ ਹੁਣ ਸਮੇਂ ਦੇ ਹਾਣੀ ਬਣਨਗੇ ਅਤੇ ਵਿਦੇਸ਼ਾਂ ਵਿੱਚ ਜਾਣ ਦੀ ਥਾਂ ਉਹ ਆਪਣੇ ਸੂਬੇ ਅੰਦਰ ਹੀ ਨੌਕਰੀਆਂ ਦੇ ਕਾਬਲ ਬਣ ਸਕਣਗੇ। ਉਨ੍ਹਾਂ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਲਈ ਟੋਲ ਫਰੀ ਨੰਬਰ 1800-180-2139 ਵੀ ਜਾਰੀ ਕੀਤਾ ਗਿਆ ਹੈ।

ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸ੍ਰੀ ਅਮਨਦੀਪ ਕੁਮਾਰ ਨੇ ਕਿਹਾ ਕਿ ਸਰਕਾਰ ਸਕੂਲੀ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਕਾਰਜਸ਼ੀਲ ਹੈ। ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ, ਮੁਫ਼ਤ ਭੋਜਨ, ਵਰਦੀ ਅਤੇ ਕਿਤਾਬਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖ਼ਲ ਕਰਵਾ ਕੇ ਸਰਕਾਰ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਹਾਸਲ ਕਰਨ। ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀ.ਜੀ. ਸਿੰਘ ਨੇ ਵੀ ਮਾਪਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਆਏ ਬਿਹਤਰ ਸੁਧਾਰਾਂ ਪ੍ਰਤੀ ਜਾਗਰੂਕ ਕੀਤਾ ਅਤੇ ਕਿਹਾ ਕਿ ਉਹ ਆਪਣੇ ਹੀ ਨਹੀਂ ਬਲਕਿ ਜਾਣਕਾਰਾਂ ਦੇ ਬੱਚਿਆਂ ਨੂੰ ਵੀ ਸਰਕਾਰੀ ਸਕੂਲਾਂ ਵਿਚ ਦਾਖ਼ਲ ਕਰਵਾ ਕੇ ਉਨ੍ਹਾਂ ਨੂੰ ਸਿੱਖਿਆ ਦਾ ਬਿਹਤਰ ਮੌਕਾ ਦੇਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਦੀ ਬਿਹਤਰੀ ਨੂੰ ਲੈ ਕੇ ਕਈ ਤਰ੍ਹਾਂ ਦੀਆਂ ਨਵੀਆਂ ਯੋਜਨਾਵਾਂ ਵੀ ਲਿਆ ਰਹੀ ਹੈ, ਤਾਂ ਜੋ ਸਿੱਖਿਆ ਦੇ ਪੱਧਰ ਨੂੰ ਬਿਹਤਰ ਤੋਂ ਬਿਹਤਰ ਬਣਾਇਆ ਜਾ ਸਕੇ। ਇਸ ਦੇ ਨਾਲ-ਨਾਲ ਸਕੂਲਾਂ ਦੀਆਂ ਸੁਵਿਧਾਵਾਂ ਨੂੰ ਵੀ ਬਿਹਤਰ ਬਣਾਉਣ ਦੇ ਲਈ ਲਗਾਤਰ ਕੰਮ ਕੀਤੇ ਜਾ ਰਹੇ ਹਨ। ਇਸ ਮੌਕੇ ਤੇ ਬੀਐਨਓ ਧਾਰ-2 ਸ੍ਰੀ ਬਲਵੀਰ ਵਿਰਦੀ, ਬੀਪੀਈਓ ਧਾਰ-2 ਸ੍ਰੀ ਰਾਕੇਸ਼ ਠਾਕੁਰ, ਡੀਐਸਐਮ ਸ੍ਰੀ ਬਲਵਿੰਦਰ ਸੈਣੀ, ਪ੍ਰਿੰਸੀਪਲ ਰਘਬੀਰ ਕੌਰ, ਪ੍ਰਿੰਸੀਪਲ ਰਾਕੇਸ਼ ਕੁਮਾਰ, ਡੀਆਰਸੀ ਅਪਰ ਪ੍ਰਾਇਮਰੀ ਸ੍ਰੀ ਸੰਜੀਵ ਸ਼ਰਮਾ, ਡੀਆਰਸੀ ਪ੍ਰਾਇਮਰੀ ਵਨੀਤ ਮਹਾਜਨ, ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਬਲਕਾਰ ਅੱਤਰੀ, ਸੀਐਚਟੀ ਰਾਜੀਵ ਸੈਣੀ, ਸੀਐਚਟੀ ਦੀਪਕ ਕਮਲ ਆਦਿ ਹਾਜ਼ਰ ਸਨ।

# ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿੱਚ ਦੋ ਰੋਜ਼ਾ ਚੈਂਪੀਅਨਜ਼ ਮੀਟ ਦਾ ਸ਼ਾਨਦਾਰ ਆਯੋਜਨ

## ਵਿਦਿਆਰਥੀਆਂ ਨੇ ਜੋਸ਼, ਅਨੁਸ਼ਾਸਨ ਅਤੇ ਖੇਡ ਭਾਵਨਾ ਨਾਲ ਮਾਰੀਆਂ ਮੱਲਾਂ




ਤਲਵੰਡੀ ਸਾਬੋ, 29 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਵਿਦਿਆਰਥੀਆਂ ਦੇ ਸਰੀਰਕ, ਮਾਨਸਿਕ ਅਤੇ ਆਤਮਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਦੋ ਰੋਜ਼ਾ ਚੈਂਪੀਅਨ ਮੀਟ ਦਾ ਬੜੀ ਧੂਮਧਾਮ ਨਾਲ ਆਯੋਜਨ ਕੀਤਾ ਗਿਆ। ਇਸ ਖੇਡ ਮੇਲੇ ਵਿੱਚ ਨਰਸਰੀ ਤੋਂ ਲੈ ਕੇ ਸੀਨੀਅਰ ਵਰਗ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ, ਅਨੁਸ਼ਾਸਨ ਅਤੇ ਟੀਮ ਵਰਕ ਨਾਲ ਭਾਗ ਲਿਆ। ਖੇਡ ਮੇਲੇ ਦੀ ਸ਼ੁਰੂਆਤ ਸਕੂਲ ਚੇਅਰਮੈਨ ਸ੍ਰੀ ਵਿਨੋਦ ਖੁਰਾਣਾ, ਸਕੂਲ ਪ੍ਰਧਾਨ ਸ੍ਰੀ ਲਗਨ ਖੁਰਾਣਾ, ਸਕੂਲ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਦੀ ਅਗਵਾਈ ਹੇਠ ਮੁੱਖ ਮਹਿਮਾਨ ਡਾ. ਨਵਦੀਪ ਭਾਰਦਵਾਜ (ਨੈਸ਼ਨਲ ਪ੍ਰੈਜ਼ੀਡੈਂਟ, ਆਲ ਇੰਡੀਆ ਪ੍ਰਿੰਸੀਪਲ ਐਸੋਸੀਏਸ਼ਨ), ਮਾਣਯੋਗ ਮਹਿਮਾਨ ਡਾ. ਸੋਨੀਆ (ਐਸ.ਐਮ.ਓ, ਸਿਵਲ ਹਸਪਤਾਲ), ਸ. ਸੁਖਮੰਦਰ ਸਿੰਘ (ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ), ਸ. ਮਹਿੰਦਰ ਸਿੰਘ ਭੋਲਾ (ਸਟੇਟ ਜਨਰਲ ਸਕੱਤਰ, ਪੂਸਾ ਪੰਜਾਬ), ਸ. ਮਹਿੰਦਰ ਗੋਇਲ (ਸਟੇਟ ਟ੍ਰੇਜ਼ਰਰ, ਪੂਸਾ ਪੰਜਾਬ) ਅਤੇ ਮਿਸਿਜ਼ ਵੀਨਾ (ਪ੍ਰਿੰਸੀਪਲ, ਸੈਂਟ ਸੋਲਜਰ ਸਕੂਲ) ਵੱਲੋਂ ਦੀਪ ਪ੍ਰਜ੍ਵਲਨ ਕਰਕੇ ਕੀਤੀ ਗਈ। ਇਸ ਉਪਰੰਤ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ ਪੇਸ਼ ਕੀਤਾ ਗਿਆ। ਗਣਤੰਤਰ ਦਿਵਸ ਦੇ ਪਾਵਨ ਮੌਕੇ ਨੂੰ ਸਮਰਪਿਤ ਤਿਰੰਗਾ ਝੰਡਾ ਲਹਿਰਾਇਆ ਗਿਆ ਅਤੇ ਰਾਸ਼ਟਰੀ ਗਾਣ ਉਪਰੰਤ ਖੇਡ ਮੇਲੇ ਦੀ ਆਧਿਕਾਰਕ ਸ਼ੁਰੂਆਤ ਕੀਤੀ ਗਈ। ਖੇਡਾਂ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਨਾਲ ਹੋਈ। ਡਾ. ਰਾਧਾ ਕ੍ਰਿਸ਼ਨਨ ਹਾਊਸ, ਡਾ. ਅੰਬੇਡਕਰ ਹਾਊਸ, ਰਾਣੀ ਲਕਸ਼ਮੀ ਬਾਈ ਹਾਊਸ ਅਤੇ ਸ਼ਹੀਦ ਊਧਮ ਸਿੰਘ ਹਾਊਸ ਦੇ ਵਿਦਿਆਰਥੀਆਂ ਨੇ ਝੰਡਿਆਂ ਸਮੇਤ ਅਨੁਸ਼ਾਸਿਤ ਮਾਰਚ ਪਾਸਟ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਤੋਂ ਬਾਅਦ ਖਿਡਾਰੀਆਂ ਵੱਲੋਂ ਖੇਡ ਭਾਵਨਾ ਅਤੇ ਇਮਾਨਦਾਰੀ ਨਾਲ ਖੇਡਣ ਦੀ ਸਹੁੰ ਚੁੱਕੀ ਗਈ। ਖੇਡ ਮੇਲੇ ਦੌਰਾਨ 50 ਮੀਟਰ ਅਤੇ 100 ਮੀਟਰ ਦੌੜ (ਨਰਸਰੀ ਅਤੇ ਪ੍ਰਾਇਮਰੀ ਵਰਗ), 200 ਮੀਟਰ, 400 ਮੀਟਰ, 800 ਮੀਟਰ ਦੌੜ (ਸੀਨੀਅਰ ਵਰਗ), ਲੰਬੀ ਛਾਲ, ਉੱਚੀ ਛਾਲ, ਗੋਲਾ ਸੁੱਟ ਅਤੇ ਰੀਲੇ ਰੇਸ ਵਰਗੇ ਮੁਕਾਬਲੇ ਕਰਵਾਏ ਗਏ। ਛੋਟੇ ਬੱਚਿਆਂ ਲਈ ਲੈਮਨ ਰੇਸ, ਸੈਕ ਰੇਸ ਅਤੇ ਫ੍ਰਾਗ ਰੇਸ ਵਰਗੀਆਂ ਮਨੋਰੰਜਕ ਖੇਡਾਂ ਨੇ ਖਾਸ ਆਕਰਸ਼ਣ ਬਣਾਇਆ। ਇਸ ਖੇਡ ਮੇਲੇ ਵਿੱਚ ਮਾਪਿਆਂ ਦੀ ਭਰਪੂਰ ਸ਼ਮੂਲੀਅਤ ਰਹੀ, ਜਿਨ੍ਹਾਂ ਨੇ ਬੱਚਿਆਂ ਦੇ ਨਾਲ ਖੇਡ ਗਤੀਵਿਧੀਆਂ ਵਿੱਚ ਭਾਗ ਲੈ ਕੇ ਉਨ੍ਹਾਂ ਦਾ ਹੌਂਸਲਾ ਵਧਾਇਆ। ਸਕੂਲ ਦੀ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਜੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਹੀ ਨਹੀਂ ਸਗੋਂ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ, ਟੀਮ ਵਰਕ ਅਤੇ ਗੁਣਾਂ ਦਾ ਵਿਕਾਸ ਵੀ ਕਰਦੀਆਂ ਹਨ। ਉਨ੍ਹਾਂ ਅਧਿਆਪਕ ਵਰਗ ਅਤੇ ਖੇਡ ਅਧਿਆਪਕਾਂ ਦੀ ਮਿਹਨਤ ਦੀ ਭਰਪੂਰ ਪ੍ਰਸ਼ੰਸਾ ਕੀਤੀ। ਖੇਡਾਂ ਦੇ ਨਾਲ ਨਾਲ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਅਤੇ ਰੰਗਾਰੰਗ ਡਾਂਸ ਵਰਗੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ, ਜਿਨ੍ਹਾਂ ਨੂੰ ਦਰਸ਼ਕਾਂ ਵੱਲੋਂ ਖੂਬ ਸਰਾਹਿਆ ਗਿਆ। ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਟਰਾਫੀਆਂ, ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਪਿੰਡ ਦੇ ਮਾਣਯੋਗ ਸਰਪੰਚ ਸ. ਜਗਸੀਰ ਸਿੰਘ, ਸ. ਜਗਤਾਰ ਸਿੰਘ (ਪ੍ਰਧਾਨ), ਸ. ਜਸਵੀਰ ਸਿੰਘ (ਪੰਚ), ਸ. ਦਲਵਾਰਾ ਸਿੰਘ (ਪੰਚ), ਸ. ਬਲਵਿੰਦਰ ਸਿੰਘ ਤੋਂ ਇਲਾਵਾ ਸਕੂਲ ਦਾ ਸਮੂਹ ਅਧਿਆਪਕ ਵਰਗ, ਸੀਨੀਅਰ ਕੋਆਰਡੀਨੇਟਰ ਮੈਡਮ ਬੇਅੰਤ ਕੌਰ ਅਤੇ ਮੈਡਮ ਕਿਰਨਦੀਪ ਕੌਰ ਸਮੇਤ ਸਮੂਹ ਸਟਾਫ ਹਾਜ਼ਰ ਸੀ। ਦੋ ਰੋਜ਼ਾ ਅਥਲੈਟਿਕ ਖੇਡ ਮੇਲਾ ਵਿਦਿਆਰਥੀਆਂ ਲਈ ਇੱਕ ਯਾਦਗਾਰ ਅਤੇ ਪ੍ਰੇਰਣਾਦਾਇਕ ਅਨੁਭਵ ਸਾਬਤ ਹੋਇਆ।

## ਸ੍ਰੀ ਗੁਰੂ ਰਵੀਦਾਸ ਜੀ ਦੇ ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਕੱਢੀ ਜਾ ਰਹੀ

# ਸ਼ੋਭਾ ਯਾਤਰਾ ਨੂੰ ਲੈ ਕੇ 30 ਜਨਵਰੀ ਨੂੰ ਪਿਛਲੇ ਅੱਧੇ ਦਿਨ ਦੀ ਸਿੱਖਿਅਕ ਅਦਾਰਿਆਂ ਵਿੱਚ ਛੁੱਟੀ ਕੀਤੀ ਘੋਸ਼ਿਤ

**ਪਠਾਨਕੋਟ, 29 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਇੱਕ ਹੁਕਮ ਜਾਰੀ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਦੇ ਪ੍ਰਕਾਸ਼ ਉਤਸਵ ਦੇ ਸਬੰਧ ਵਿੱਚ ਮਿਤੀ 30.01.2026 ਨੂੰ ਸ੍ਰੀ ਗੁਰੂ ਰਵੀਦਾਸ ਸਭਾ ਪਠਾਨਕੋਟ ਅਤੇ ਡੇਰਾ ਸੁਆਮੀ ਜਗਤ ਗਿਰੀ ਟਰੱਸਟ, ਪਠਾਨਕੋਟ ਵੱਲੋਂ ਪਠਾਨਕੋਟ ਸ਼ਹਿਰ ਵਿੱਚ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ। ਸ਼ੋਭਾ ਯਾਤਰਾ ਕਰਕੇ ਸ਼ਹਿਰ ਦੇ ਟੈ੍ਰਫ਼ਿਕ ਦੇ ਕਈ ਰੂਟ ਡਾਇਵਰਟ ਕੀਤੇ ਗਏ ਹਨ। ਇਸ ਲਈ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਆਉਂਦੇ ਸਾਰੇ ਸਰਕਾਰੀ/ਗੈਰ ਸਰਕਾਰੀ ਸਕੂਲਾਂ, ਕਾਲਜਾਂ ਵਿੱਚ ਮਿਤੀ 30.01.2026 ਨੂੰ ਪਿਛਲੇ ਅੱਧੇ ਦਿਨ ਦੀ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ। ਇਥੇ ਇਹ ਸਪੱਸ਼ਟ ਕੀਤਾ ਜਾਂਦਾ ਹੈ ਕਿ ਜਿੰਨ੍ਹਾਂ ਸਕੂਲਾਂ/ਕਾਲਜਾਂ ਵਿੱਚ ਬੋਰਡ/ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਉਕਤ ਮਿਤੀ ਤੇ ਨਿਰਧਾਰਤ ਹਨ, ਉਨ੍ਹਾਂ ਸਕੂਲਾਂ/ਕਾਲਜਾਂ ਤੇ ਇਹ ਛੁੱਟੀ ਦੇ ਹੁਕਮ ਲਾਗੂ ਨਹੀਂ ਹੋਣਗੇ।






★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243